ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 25 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੧੩ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

Exclusive News

## ਲੋਕ ਸਭਾ ਚੋਣਾਂ ਨੂੰ ਲੈ ਕੇ 'AAP'-ਕਾਂਗਰਸ ਨੇ ਖਿੱਚੀ ਤਿਆਰੀ, ਸੀਟਾਂ ਨੂੰ ਲੈ ਕੇ ਹੋਇਆ ਗਠਜੋੜ

**ਨਵੀਂ ਦਿੱਲੀ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਾਲੇ ਗਠਜੋੜ ਹੋ ਗਿਆ। ਸ਼ਨੀਵਾਰ ਯਾਨੀ ਕਿ ਅੱਜ ਦੋਹਾਂ ਪਾਰਟੀਆਂ ਵਲੋਂ ਇਸ ਦਾ ਐਲਾਨ ਕੀਤਾ ਗਿਆ। ਦਿੱਲੀ, ਗੁਜਰਾਤ, ਹਰਿਆਣਾ ਅਤੇ ਗੋਆ ਵਿਚ ਇਹ ਦੋਵੇਂ ਪਾਰਟੀਆਂ ਮਿਲ ਕੇ ਚੋਣ ਲੜਨਗੀਆਂ। ਦਿੱਲੀ ਵਿਚ 'AAP' 7 ਸੀਟਾਂ 'ਚੋਂ 4 ਸੀਟਾਂ- ਪੱਛਮੀ ਦਿੱਲੀ, ਦੱਖਣੀ ਦਿੱਲੀ, ਪੂਰਬੀ ਦਿੱਲੀ ਅਤੇ ਨਵੀਂ ਦਿੱਲੀ 'ਚ ਚੋਣ ਲੜੇਗੀ। ਜਦਕਿ ਕਾਂਗਰਸ- ਚਾਂਦਨੀ ਚੌਕ, ਉੱਤਰੀ-ਪੂਰਬੀ ਦਿੱਲੀ ਅਤੇ ਉੱਤਰੀ-ਪੱਛਮੀ ਦਿੱਲੀ ਸੀਟ ਤੋਂ ਚੋਣ ਲੜੇਗੀ। ਗੁਜਰਾਤ ਵਿਚ 26 ਸੀਟਾਂ 'ਚੋਂ 24 ਸੀਟਾਂ 'ਤੇ ਕਾਂਗਰਸ ਲੜੇਗੀ, ਉੱਥੇ ਹੀ 'AAP' ਪਾਰਟੀ ਗੁਜਰਾਤ ਦੀਆਂ ਦੋ ਲੋਕ ਸਭਾ ਸੀਟਾਂ- ਭਰੂਚ ਅਤੇ ਭਾਵਨਗਰ 'ਤੇ ਚੋਣ ਲੜੇਗੀ। ਹਰਿਆਣਾ ਵਿਚ ਇਕ ਸੀਟ ਕੁਰੂਕਸ਼ੇਤਰ ਆਮ ਆਦਮੀ ਦੇ ਖਾਤੇ ਵਿਚ ਗਈ ਹੈ। ਚੰਡੀਗੜ੍ਹ ਸੀਟ 'ਤੇ ਕਾਂਗਰਸ ਚੋਣ ਲੜੇਗੀ। ਨਾਲ ਹੀ ਗੋਆ ਦੀਆਂ ਦੋ ਸੀਟਾਂ 'ਤੇ ਕਾਂਗਰਸ ਹੀ ਚੋਣ ਲੜੇਗੀ। 'AAP' ਦੱਖਣੀ ਗੋਆ ਵਿਚ ਆਪਣੇ ਐਲਾਨੇ ਉਮੀਦਵਾਰ ਦਾ ਨਾਂ ਵਾਪਸ ਲਵੇਗੀ। ਪੰਜਾਬ ਵਿਚ ਦੋਹਾਂ ਪਾਰਟੀਆਂ ਨੇ ਵੱਖ-ਵੱਖ ਚੋਣਾਂ ਲੜਨ ਦਾ ਐਲਾਨ ਕੀਤਾ ਹੈ।

## ਸੰਗਰੂਰ ਤੇ ਫਿਰੋਜ਼ਪੁਰ ਨੂੰ ਮਿਲੇਗੀ ਸੌਗਾਤ

# ਚੋਣਾਂ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਦੀ ਪੰਜਾਬ 'ਤੇ ਨਜ਼ਰ !

**ਚੰਡੀਗੜ੍ਹ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ 25 ਫਰਵਰੀ 2024 ਨੂੰ ਰਾਜਕੋਟ, ਗੁਜਰਾਤ ਤੋਂ ਸੰਗਰੂਰ ਵਿੱਚ ਸੰਗਰੂਰ ਜ਼ਿਲ੍ਹੇ 'ਚ ਪਿੰਡ ਘਾਬਦਾਂ ਵਿਖੇ ਨਵੇਂ ਬਣਾਏ 300 ਬਿਸਤਰਿਆਂ ਵਾਲਾ ਪੀਜੀਆਈਐਮਈਆਰ ਹਸਪਤਾਲ ਨੂੰ ਰਾਸ਼ਟਰ ਨੂੰ ਸਮਰਪਿਤ ਕਰਨਗੇ ਅਤੇ ਫਿਰੋਜ਼ਪੁਰ ਵਿਖੇ 100 ਬਿਸਤਰਿਆਂ ਵਾਲੇ ਪੀਜੀਆਈਐਮਈਆਰ ਸੈਂਟਰਸੈਟੇਲਾਈਟ ਸੈਂਟਰ ਦਾ ਨੀਂਹ ਪੱਥਰ ਵੀ ਰੱਖਣਗੇ। ਪੰਜਾਬ ਵਿੱਚ ਸੰਗਰੂਰ ਅਤੇ ਫਿਰੋਜ਼ਪੁਰ ਵਿੱਚ ਪੀਜੀਆਈਐਮਈਆਰ ਦੇ ਇਨ੍ਹਾਂ ਸੈਟੇਲਾਈਟ ਕੇਂਦਰਾਂ ਦੀ ਸਥਾਪਨਾ ਨਾਲ ਪੰਜਾਬ ਅਤੇ ਨਾਲ ਲੱਗਦੇ ਰਾਜਾਂ ਦੇ ਲੋਕਾਂ ਨੂੰ ਵਿਆਪਕ, ਕਿਫਾਇਤੀ, ਗੁਣਵੱਤਾ ਅਤੇ ਸੰਪੂਰਨ ਤੀਸਰੀ ਦੇਖਭਾਲ ਸਿਹਤ ਸੇਵਾਵਾਂ ਦੀ ਉਪਲਬਧਤਾ ਵਿੱਚ ਅਸੰਤੁਲਨ ਨੂੰ ਠੀਕ ਕਰਨ ਵਿੱਚ ਮਦਦ ਮਿਲੇਗੀ। ਜ਼ਿਕਰਯੋਗ ਹੈ ਇਹ ਸੈਟੇਲਾਈਟ ਕੇਂਦਰ ਕਮਿਊਨਿਟੀ ਆਊਟਰੀਚ ਗਤੀਵਿਧੀਆਂ ਰਾਹੀਂ ਅਤੇ



ਡਿਜੀਟਲ ਸਿਹਤ ਸੰਭਾਲ ਬੁਨਿਆਦੀ ਢਾਂਚੇ ਦਾ ਲਾਭ ਉਠਾ ਕੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਗਰੀਬ ਲੋਕਾਂ ਤੱਕ ਵੀ ਪਹੁੰਚ ਕਰਨਗੇ। ਦੱਸਣਯੋਗ ਹੈ ਕਿ ਸੰਗਰੂਰ ਪੰਜਾਬ ਵਿੱਚ ਪੀਜੀਆਈਐਮਈਆਰ ਦਾ ਸੈਟੇਲਾਈਟ ਸੈਂਟਰ, ਜੋ ਕਿ 449 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ ਅਤੇ 25 ਏਕੜ ਰਕਬੇ ਵਿੱਚ ਫੈਲਿਆ ਹੋਇਆ ਹੈ, ਲੋਕਾਂ ਦੀਆਂ ਸਿਹਤ ਸੰਭਾਲ ਲੋੜਾਂ ਨੂੰ ਪੂਰਾ ਕਰਨ ਲਈ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਹੈ। 300 ਬਿਸਤਰਿਆਂ ਦੀ ਸਮਰੱਥਾ ਦੇ ਨਾਲ, ਸੈਟੇਲਾਈਟ ਸੈਂਟਰ ਦਾ ਉਦੇਸ਼ ਮੁੱਖ ਪੀਜੀਆਈ ਸੰਸਥਾ 'ਤੇ ਬੋਝ ਨੂੰ ਘਟਾਉਣਾ ਅਤੇ ਮਰੀਜ਼ਾਂ ਲਈ ਮਿਆਰੀ ਡਾਕਟਰੀ ਦੇਖਭਾਲ ਦੀ ਪਹੁੰਚ ਨੂੰ ਵਧਾਉਣਾ ਹੈ। ਇਸ ਦੀਆਂ ਮੁੱਖ ਵਿਸ਼ੇਸ਼ਤਾਵਾਂ ਵਿੱਚ 300 ਬਿਸਤਰੇ, ਪੰਜ ਵੱਡੇ ਅਤੇ ਦੋ ਛੋਟੇ ਆਪ੍ਰੇਸ਼ਨ ਥੀਏਟਰ, ਇੰਟੈਂਸਿਵ ਕੇਅਰ ਯੂਨਿਟ (93") ਵਾਰਡ, ਐਮਰਜੈਂਸੀ ਸੇਵਾਵਾਂ, ਇਨ-ਪੇਸ਼ੈਂਟ ਡਿਪਾਰਟਮੈਂਟ ਸੇਵਾਵਾਂ, ਟੈਲੀਮੈਡੀਸਨ ਸੈਂਟਰ, ਅਤੇ ਹੋਰ ਅਤਿ-ਆਧੁਨਿਕ ਸੁਵਿਧਾਵਾਂ ਹਨ। ਨਵੀਨਤਮ ਤਕਨਾਲੋਜੀ ਨਾਲ ਲੈਸ ਇਸ ਹਸਪਤਾਲ ਦਾ ਨੀਂਹ ਪੱਥਰ 2013 ਵਿੱਚ ਰੱਖਿਆ ਗਿਆ ਸੀ, ਅਤੇ ਇਸਦਾ ਨਿਰਮਾਣ ਦੋ ਪੜਾਵਾਂ ਵਿੱਚ ਪੂਰਾ ਕੀਤਾ ਗਿਆ ਸੀ।

## 28 ਕਰੋੜ ਦੇ ਨਸ਼ੇ ਸਮੇਤ ਤਸਕਰ ਗ੍ਰਿਫ਼ਤਾਰ, ਪੈਦਲ ਹੀ ਕਰਨ ਜਾ ਰਿਹਾ ਸੀ ਸਪਲਾਈ

**ਅੰਮ੍ਰਿਤਸਰ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਇੱਕ ਵਿਅਕਤੀ ਨੂੰ 4 ਕਿਲੋ ਹੈਰੋਇਨ, 2 ਲੱਖ ਰੁਪਏ ਦੀ ਡਰੱਗ ਮਨੀ ਅਤੇ ਇੱਕ ਪਿਸਤੌਲ ਸਮੇਤ ਕਾਬੂ ਕੀਤਾ ਹੈ। ਮੁਲਜ਼ਮ ਨਸ਼ੇ ਦੀ ਸਪਲਾਈ ਕਰਨ ਲਈ ਪੈਦਲ ਜਾ ਰਿਹਾ ਸੀ, ਜਿੱਥੇ ਪੁਲੀਸ ਨੇ ਉਸ ਨੂੰ ਕਾਬੂ ਕਰ ਲਿਆ। ਅੰਮ੍ਰਿਤਸਰ ਦਿਹਾਤੀ ਪੁਲੀਸ ਦੇ ਸਪੈਸ਼ਲ ਸੈੱਲ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਮਨਜੀਤ ਸਿੰਘ ਉਰਫ਼ ਕਾਲੂ ਵਾਸੀ ਪਿੰਡ ਧਨੋਆਣਾ ਕਲਾਂ ਹੈਰੋਇਨ ਵੇਚਣ ਦਾ ਧੰਦਾ ਕਰਦਾ ਹੈ। ਅੱਜ ਵੀ ਸਪਲਾਈ ਲਈ ਜਾ ਰਹੀ ਹੈ ਜਿਸ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਡਾਇਵਰਸ਼ਨ ਡਰੇਨ ਨੇੜੇ ਨਾਕਾ ਲਗਾ ਦਿੱਤਾ। ਜਿੱਥੇ ਮੁਲਜ਼ਮ ਮਨਜੀਤ ਸਿੰਘ ਪਿੰਡ ਧਨੋਆ ਕਲਾਂ ਤੋਂ ਪਿੰਡ ਮੋੜ ਵੱਲ ਪੈਦਲ ਆ ਰਿਹਾ ਸੀ। ਪੁਲਿਸ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਅਤੇ ਮੌਕੇ ਤੋਂ ਉਸ ਕੋਲੋਂ 4 ਕਿਲੋ ਹੈਰੋਇਨ ਬਰਾਮਦ ਕੀਤੀ। ਹੈਰੋਇਨ ਦੀ ਬਾਜ਼ਾਰੀ ਕੀਮਤ ਕਰੀਬ 28 ਕਰੋੜ ਰੁਪਏ ਹੈ। ਇਸ ਤੋਂ ਇਲਾਵਾ ਮੁਲਜ਼ਮਾਂ ਕੋਲੋਂ 2 ਲੱਖ ਰੁਪਏ



ਦੀ ਡਰੱਗ ਮਨੀ, ਇੱਕ 32 ਬੋਰ ਦਾ ਪਿਸਤੌਲ, ਇੱਕ ਏਅਰਟੈੱਲ ਡੌਂਗਲ ਅਤੇ ਇੱਕ ਮੋਬਾਈਲ ਫ਼ੋਨ ਬਰਾਮਦ ਕੀਤਾ ਗਿਆ ਹੈ। ਮੁਲਜ਼ਮਾਂ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਇਸ ਤੋਂ ਬਾਅਦ ਉਸ ਦੇ ਪਿਛਲੇ ਅਤੇ ਅਗਾਂਹਵਧੂ ਸਬੰਧਾਂ ਦੀ ਜਾਂਚ ਕੀਤੀ ਜਾਵੇਗੀ। ਇਸ ਗੱਲ ਦੀ ਵੀ ਜਾਂਚ ਕੀਤੀ ਜਾਵੇਗੀ ਕਿ ਮੁਲਜ਼ਮ ਨੇ ਏਨੀ ਮਾਤਰਾ ਵਿੱਚ ਹੈਰੋਇਨ ਕਿੱਥੋਂ ਮੰਗਵਾਈ ਅਤੇ ਕਿਸ ਨੂੰ ਸਪਲਾਈ ਕੀਤੀ। ਫਿਲਹਾਲ ਦੋਸ਼ੀ ਪੁਲਿਸ ਦੀ ਗ੍ਰਿਫਤ 'ਚ ਹਨ ਅਤੇ ਪੁੱਛਗਿੱਛ ਜਾਰੀ ਹੈ।

## ਗੁ. ਸ੍ਰੀ ਬੇਰ ਸਾਹਿਬ ਦੇ ਮੁਲਾਜ਼ਮ ਦੀ ਮੌਤ ਦੇ ਮਾਮਲੇ 'ਚ ਨਵਾਂ ਮੋੜ, ਪੋਸਟਮਾਰਟਮ ਰਿਪੋਰਟ 'ਚ ਹੋਏ ਵੱਡੇ ਖ਼ੁਲਾਸੇ

**ਸੁਲਤਾਨਪੁਰ ਲੋਧੀ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਆਰਜੀ ਹਲਵਾਈ ਦੀ ਡਿਊਟੀ ਨਿਭਾਅ ਰਹੇ ਸ਼੍ਰੋਮਣੀ ਕਮੇਟੀ ਦੇ ਨੌਜਵਾਨ ਕਰਮਚਾਰੀ ਜਸਪਿੰਦਰ ਸਿੰਘ ਪੁੱਤਰ ਕਾਲਾ ਸਿੰਘ ਨਿਵਾਸੀ ਪਿੰਡ ਆਹਲੀਕਲਾਂ ਦੀ ਕਮਰੇ ਵਿਚ ਸ਼ੱਕੀ ਹਾਲਾਤ 'ਚ ਹੋਈ ਮੌਤ ਦੇ ਮਾਮਲੇ ਨੇ ਹੁਣ ਨਵਾਂ ਮੋੜ ਲੈ ਲਿਆ ਹੈ। ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਵੱਲੋਂ ਇੰਸਪੈਕਟਰ ਹਰਗੁਰਦੇਵ ਸਿੰਘ ਐੱਸ.ਐੱਚ.ਓ. ਥਾਣਾ ਸੁਲਤਾਨਪੁਰ ਲੋਧੀ ਦੀ ਅਗਵਾਈ 'ਚ ਪੁਲਸ ਵੱਲੋਂ ਕੀਤੀ ਗਈ ਜਾਂਚ ਉਪਰੰਤ ਮ੍ਰਿਤਕ ਨੌਜਵਾਨ ਦੇ ਦੋ ਸਾਥੀ ਸੇਵਾਦਾਰਾਂ ਖ਼ਿਲਾਫ਼ ਜਸਪਿੰਦਰ ਸਿੰਘ ਨੂੰ ਕੋਈ ਜ਼ਿਹਰੀਲੀ ਦਵਾਈ ਪਿਲਾ ਕੇ ਮਾਰਨ ਦੇ ਦੋਸ਼ 'ਚ ਕੇਸ ਦਰਜ ਕੀਤਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਬ ਡਿਵੀਜ਼ਨ ਸੁਲਤਾਨਪੁਰ ਲੋਧੀ ਦੇ ਡੀ. ਐੱਸ. ਪੀ. ਸਰਦਾਰ ਬਬਨਦੀਪ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ



ਮ੍ਰਿਤਕ ਕਰਮਚਾਰੀ ਜਸਪਿੰਦਰ ਸਿੰਘ ਦੇ ਪਿਤਾ ਕਾਲਾ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਆਹਲੀ ਕਲਾਂ ਨੇ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਦੋਸ਼ ਲਾਇਆ ਸੀ ਕਿ ਉਸ ਦਾ ਲੜਕਾ ਜਸਪਿੰਦਰ ਸਿੰਘ ਪਿਛਲੇ 3 ਸਾਲਾਂ ਤੋਂ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਬਤੌਰ ਸੇਵਾਦਾਰ ਵਜੋਂ ਸੇਵਾਵਾਂ ਨਿਭਾਅ ਰਿਹਾ ਸੀ। ਉਸ ਦੇ ਲੜਕੇ ਜਸਪਿੰਦਰ ਸਿੰਘ ਦੇ ਕਮਰੇ ਵਿੱਚ ਦੋ ਹੋਰ ਸੇਵਾਦਾਰ ਦਲਜੀਤ ਸਿੰਘ ਪੁੱਤਰ ਸੋਹਣ ਸਿੰਘ ਜ਼ਿਲ੍ਹਾ ਊਨਾ (ਹਿਮਾਚਲ ਪ੍ਰਦੇਸ਼) ਅਤੇ ਗੁਰਮੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਭੱਠਲ ਤਾਰਨ ਤਾਰਨ ਰਹਿੰਦੇ ਸਨ। ਉਨ੍ਹਾਂ ਸ਼ਿਕਾਇਤ 'ਚ ਦੋਸ਼ ਲਗਾਇਆ ਕਿ ਪਿਛਲੇ ਮਹੀਨੇ 11 ਜਨਵਰੀ ਨੂੰ ਮੇਰੀ ਪਤਨੀ ਗੁਰਮੀਤ ਕੌਰ ਨੇ ਆਪਣੇ ਪੁੱਤਰ ਜਸਪਿੰਦਰ ਸਿੰਘ ਨੂੰ ਵਾਰ-ਵਾਰ ਫੋਨ ਕੀਤਾ ਪਰ ਉਸ ਨੇ ਫੋਨ ਨਾ ਚੁੱਕਿਆ। ਸ਼ਾਮ ਨੂੰ 7.30 ਵਜੇ ਤੱਕ ਜਦੋਂ ਜਸਪਿੰਦਰ ਸਿੰਘ ਨੇ ਫੋਨ ਨਾ ਚੁੱਕਿਆ ਤਾਂ ਉਹ ਆਪਣੇ ਰਿਸ਼ਤੇਦਾਰ ਕੁਲਵਿੰਦਰ ਸਿੰਘ, ਹਰਜੀਤ ਸਿੰਘ ਅਤੇ ਕਰਨਦੀਪ ਸਿੰਘ ਨੂੰ ਨਾਲ ਲੈ ਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਆਏ। ਉੱਥੇ ਮੌਜੂਦ ਸੇਵਾਦਾਰ ਏਕਮ ਸਿੰਘ ਨੇ ਦੱਸਿਆ ਕਿ ਜਸਪਿੰਦਰ ਸਿੰਘ ਅੱਜ ਆਪਣੇ ਸਾਥੀ ਸੇਵਾਦਾਰਾਂ ਦਲਜੀਤ ਸਿੰਘ ਅਤੇ ਗੁਰਮੀਤ ਸਿੰਘ ਨਾਲ ਕਮਰੇ ਵੱਲ ਜਾਂਦੇ ਵੇਖਿਆ। ਜਦੋਂ ਉਹ ਕਮਰੇ ਕੋਲ ਗਏ ਤਾਂ ਬਾਹਰੋਂ ਜਿੰਦਰਾ ਲੱਗਾ ਹੋਇਆ ਸੀ। ਜਦੋਂ ਗੁਰਦੁਆਰਾ ਪ੍ਰਬੰਧਕਾਂ ਰਾਹੀਂ ਡੁਪਲੀਕੇਟ ਚਾਬੀ ਲੈ ਕੇ ਜਿੰਦਰਾ ਖੋਲ੍ਹਿਆ ਤਾਂ ਜਸਪਿੰਦਰ ਸਿੰਘ ਬੈੱਡ ਉੱਪਰ ਬੇਹੋਸ਼ੀ ਦੀ ਹਾਲਤ ਵਿੱਚ ਪਿਆ ਸੀ ਅਤੇ ਫੋਨ ਸਾਈਲੈਂਟ 'ਤੇ ਲੱਗਾ ਹੋਇਆ ਸੀ। ਜਦ ਉਸ ਨੂੰ ਤਰੁੰਤ ਸਿਵਲ ਹਸਪਤਾਲ ਪਹੁੰਚਾਇਆ ਤਾਂ ਡਾਕਟਰਾਂ ਨੇ ਚੈੱਕ ਕਰਨ ਤੋਂ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਡੀ. ਐੱਸ. ਪੀ. ਬਬਨਦੀਪ ਸਿੰਘ ਨੇ ਦੱਸਿਆ ਕਿ ਪੋਸਟਮਾਰਟਮ ਦੀ ਰਿਪੋਰਟ ਤੋਂ ਬਾਅਦ ਲੱਗਾ ਕਿ ਜਸਪਿੰਦਰ ਸਿੰਘ ਦੀ ਮੌਤ ਜ਼ਿਹਰੀਲੀ ਦਵਾਈ ਪੀਣ ਨਾਲ ਹੋਈ ਹੈ। ਜਿਸ 'ਤੇ ਪੁਲਸ ਵੱਲੋਂ ਗੰਭੀਰਤਾ ਨਾਲ ਕੀਤੀ ਜਾਂਚ ਤੋਂ ਬਾਅਦ ਉਕਤ ਸਾਥੀ ਸੇਵਾਦਾਰਾਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਦੀ ਭਾਲ ਜਾਰੀ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਵੱਡਾ ਹਾਦਸਾ, ਗੰਗਾ ਇਸ਼ਨਾਨ ਲਈ ਜਾ ਰਹੇ ਸ਼ਰਧਾਲੂਆਂ ਦੀ ਟਰੈਕਟਰ ਟਰਾਲੀ ਤਾਲਾਬ 'ਚ ਪਲਟੀ, 15 ਦੀ ਮੌਤ

**ਕਾਸਗੰਜ, 24 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਕਾਸਗੰਜ ਜ਼ਿਲੇ ਦੇ ਪਟਿਆਲੀ ਥਾਣਾ ਖੇਤਰ 'ਚ ਸ਼ਨੀਵਾਰ ਸਵੇਰੇ ਗੰਗਾ 'ਚ ਇਸ਼ਨਾਨ ਕਰਨ ਜਾ ਰਹੇ ਸ਼ਰਧਾਲੂਆਂ ਨਾਲ ਭਰੀ ਟਰੈਕਟਰ-ਟਰਾਲੀ ਪਟਿਆਲੀ-ਦਰਿਆਵਗੰਜ ਰੋਡ 'ਤੇ ਇਕ ਤਾਲਾਬ 'ਚ ਪਲਟ ਗਈ, ਜਿਸ ਕਾਰਨ 7 ਬੱਚਿਆਂ ਅਤੇ 8 ਔਰਤਾਂ ਦੀ ਮੌਤ ਹੋ ਗਈ ਅਤੇ ਕਈ ਜ਼ਖਮੀ ਹੋ ਗਏ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ



ਆਦਿਤਿਆਨਾਥ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50-50 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੇ ਨਿਰਦੇਸ਼ ਦਿੱਤੇ ਹਨ। ਪੁਲਸ ਦੇ ਇੰਸਪੈਕਟਰ ਜਨਰਲ (ਆਈਜੀ) ਸ਼ਲਭ ਮਾਥੁਰ ਨੇ ਸ਼ਨੀਵਾਰ ਨੇ ਦੱਸਿਆ ਕਿ ਉਹ ਡਿਵੀਜ਼ਨਲ ਕਮਿਸ਼ਨਰ ਦੇ ਨਾਲ ਘਟਨਾ ਸਥਾਨ 'ਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਟਰੈਕਟਰ-ਟਰਾਲੀ 'ਤੇ ਸਵਾਰ ਸ਼ਰਧਾਲੂ ਏਟਾ ਦੇ ਜੈਥੜਾ ਤੋਂ ਕਾਸਗੰਜ ਗੰਗਾ 'ਚ ਇਸ਼ਨਾਨ ਕਰਨ ਲਈ ਜਾ ਰਹੇ ਸਨ ਕਿ ਪਟਿਆਲੀ-ਦਰਿਆਵਗੰਜ ਰੋਡ 'ਤੇ ਓਵਰਟੇਕ ਕਰਦੇ ਸਮੇਂ ਉਨ੍ਹਾਂ ਦਾ ਸੰਤੁਲਨ ਵਿਗੜ ਗਿਆ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਟਰੈਕਟਰ-ਟਰਾਲੀ 7-8 ਫੁੱਟ ਡੂੰਘੇ ਦਲਦਲੀ ਤਾਲਾਬ ਵਿਚ ਪਲਟ ਗਈ, ਜਿਸ ਕਾਰਨ 15 ਲੋਕਾਂ ਦੀ ਮੌਤ ਹੋ ਗਈ। ਹਸਪਤਾਲ ਵਿਚ 15 ਤੋਂ 20 ਦੇ ਕਰੀਬ ਜ਼ਖ਼ਮੀਆਂ ਦਾ ਇਲਾਜ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਪੋਸਟਮਾਰਟਮ ਕਰਵਾ ਕੇ ਲਾਸ਼ਾਂ ਵਾਰਸਾਂ ਹਵਾਲੇ ਕਰ ਦਿੱਤੀਆਂ ਜਾਣਗੀਆਂ। ਮਾਥੁਰ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50-50 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਇਸ ਦੌਰਾਨ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਆਪਣੇ ਸ਼ੋਗ ਸੰਦੇਸ਼ ਵਿਚ ਕਿਹਾ,÷ਕਾਸਗੰਜ ਜ਼ਿਲ੍ਹੇ ਵਿਚ ਸੜਕ ਹਾਦਸੇ ਵਿਚ ਜਾਨੀ ਨੁਕਸਾਨ ਬਹੁਤ ਹੀ ਦਿਲ ਦਹਿਲਾ ਦੇਣ ਵਾਲਾ ਹੈ। ਮੇਰੀ ਹਮਦਰਦੀ ਦੁਖੀ ਪਰਿਵਾਰ ਨਾਲ ਹੈ। ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਸਾਰੇ ਜ਼ਖ਼ਮੀਆਂ ਦਾ ਢੁੱਕਵਾਂ ਮੁਫ਼ਤ ਇਲਾਜ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।"




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ ‘ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ ‘ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

# ਜਥੇਦਾਰ ਗਿਆਨੀ ਰਘਬੀਰ ਸਿੰਘ, ਐਡਵੋਕੇਟ ਧਾਮੀ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਾਨਕਸ਼ਾਹੀ ਸੰਮਤ 556 ਦਾ ਕੈਲੰਡਰ ਕੀਤਾ ਜਾਰੀ

**ਨਵੀਂ ਦਿੱਲੀ, 24 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅੱਜ ਨਾਨਕਸ਼ਾਹੀ ਸੰਮਤ 556 (ਸੰਨ 2024-25) ਦਾ ਕੈਲੰਡਰ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਜਾਰੀ ਕੀਤਾ। ਇਸ ਵਾਰ ਦਾ ਨਾਨਕਸ਼ਾਹੀ ਕੈਲੰਡਰ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਕੀਤਾ ਗਿਆ ਹੈ।



ਕੈਲੰਡਰ ਜਾਰੀ ਕਰਨ ਮੌਕੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣ। ਉਨ੍ਹਾਂ ਕਿਹਾ ਕਿ ਹਰ ਕੌਮ ਦਾ ਆਪਣਾ ਕੈਲੰਡਰ ਹੁੰਦਾ ਹੈ, ਜਿਸ ਅਨੁਸਾਰ ਕੌਮਾਂ ਆਪਣੇ ਧਰਮ ਇਤਿਹਾਸ ਦੇ ਦਿਹਾੜੇ ਮਨਾਉਂਦੀਆਂ ਹਨ। ਸਿੱਖ ਕੌਮ ਨੂੰ ਮਾਣ ਹੈ ਕਿ ਇਸ ਦੀ ਮੌਲਿਕਤਾ ਅਤੇ ਵਿਲੱਖਣਤਾ ਨੂੰ ਦਰਸਾਉਂਦਾ ਆਪਣਾ ਕੈਲੰਡਰ ਹੈ। ਉਨ੍ਹਾਂ ਸਿੱਖ ਜਗਤ ਨੂੰ ਨਾਨਕਸ਼ਾਹੀ ਕੈਲੰਡਰ ਹਰ ਗੁਰੂ-ਘਰ ਅਤੇ ਆਪੋ-ਆਪਣੇ ਘਰਾਂ ਵਿਚ ਲਗਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਨਾਨਕਸ਼ਾਹੀ ਸੰਮਤ ਅਨੁਸਾਰ ਸਾਲ ਦੀ ਸ਼ੁਰੂਆਤ ਚੇਤ ਮਹੀਨੇ ਤੋਂ ਹੁੰਦੀ ਹੈ। ਨਾਨਕਸ਼ਾਹੀ ਸੰਮਤ 556 ਦਾ ਕੈਲੰਡਰ ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਹੈ ਅਤੇ ਇਹ ਸ਼ਤਾਬਦੀ ਦਿਹਾੜਾ ਸਿੱਖ ਕੌਮ ਵੱਲੋਂ ਸਤੰਬਰ ਮਹੀਨੇ ਵਿਚ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵਿਸ਼ਾਲ ਪੱਧਰ 'ਤੇ ਮਨਾਇਆ ਜਾਵੇਗਾ। ਐਡਵੋਕੇਟ ਧਾਮੀ ਨੇ ਆਉਣ ਵਾਲੇ ਨਾਨਕਸ਼ਾਹੀ ਸੰਮਤ 556 ਦੀ ਸਿੱਖ ਜਗਤ ਨੂੰ ਵਧਾਈ ਦਿੱਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸਤਵਿੰਦਰ ਸਿੰਘ ਟੌਹੜਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਬਾਬਾ ਬਲਵਿੰਦਰ ਸਿੰਘ ਰਾੜਾ ਸਾਹਿਬ ਵਾਲੇ, ਡਾ. ਗੁਰਨਾਮ ਸਿੰਘ, ਸਾਬਕਾ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸ. ਅਜੀਤ ਸਿੰਘ, ਸਕਾਲਰ ਸ. ਰਾਜਵਿੰਦਰ ਸਿੰਘ ਜੋਗਾ, ਸ. ਦਵਿੰਦਰ ਸਿੰਘ ਧਾਮੀ, ਸ. ਤੇਜਿੰਦਰਪਾਲ ਸਿੰਘ ਟਿੰਮਾ ਆਦਿ ਹਾਜ਼ਰ ਸਨ।

**ਐਡਵੋਕੇਟ ਧਾਮੀ ਨੇ ਆਉਣ ਵਾਲੇ ਨਾਨਕਸ਼ਾਹੀ ਸੰਮਤ 556 ਦੀ ਸਿੱਖ ਜਗਤ ਨੂੰ ਦਿੱਤੀ ਵਧਾਈ**

ਆਵਾਜ਼ਿ ਕੌਮ AWAZE QAUM International Newspaper & WEB TV






# "ਮਾਣ ਨਾਲ ਸਿਰ ਉੱਚਾ ਹੋ ਜਾਂਦਾ ਹੈ ਇੰਨਾਂ ਹੋਣਹਾਰ ਬੱਚਿਆਂ ਨੂੰ ਦੇਖ ਕੇ"



ਮਿਤੀ 23 ਫਰਵਰੀ ਨੂੰ ਸ਼੍ਰੀ ਦਰਬਾਰ ਸਾਹਿਬ ਦੇ ਬਾਹਰ ਅੰਮ੍ਰਿਤਸਰ ਵਿਖੇ ਜਿੱਥੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਅਤੇ ਹੋਰ ਸਿੱਖ ਯੋਧਿਆਂ ਦੇ ਪਰਿਵਾਰ ਭੁੱਖ ਹੜਤਾਲ ਕਰਕੇ ਬੈਠੇ ਹਨ, ਉੱਥੇ ਮੈਂ ਇੰਨਾਂ ਦੋ ਬੱਚਿਆਂ ਨੂੰ ਮਿਲੀ।

ਹਰਮਨ ਦੀਪ ਤੂਫਾਨ ਬੇਟਾ ਤਾਂ ਮਾਇਕ ਦੀ ਸੇਵਾ ਜਾਂ ਕੈਮਰੇ ਦੀ ਸੇਵਾ ਕਰ ਰਿਹਾ ਸੀ, ਜਿੱਥੇ ਸਾਰੇ ਸਿੱਖ ਆਗੂ ਆਪਣੇ ਵਿਚਾਰ ਸੰਗਤ ਨਾਲ ਸਾਂਝੇ ਕਰ ਰਹੇ ਸਨ। ਤੂਫਾਨ ਬੇਟੇ ਬਾਰੇ ਮੈਂ ਸੋਸ਼ਲ ਮੀਡਿਆ ਉੱਤੇ ਬਹੁਤ ਵਿਡਿਉ ਦੇਖੀਆਂ ਹਨ। ਕਿਸ ਤਰਾਂ ਇਹ ਬੱਚਾ ਸ਼੍ਰੀ ਦਰਬਾਰ ਸਾਹਿਬ ਦੇ ਬਾਹਰ ਕਿਰਤ ਕਰਦਾ ਹੈ, ਬਾਣੇ ਅਤੇ ਬਾਣੀ ਦਾ ਧਾਰਨੀ ਹੈ, ਕਿਸ ਤਰਾਂ ਸਿੱਖੀ ਦਾ ਜਜ਼ਬਾ ਦਿਲ ਵਿੱਚ ਰੱਖ ਕੇ ਵਿਦੇਸ਼ ਵਿੱਚ ਬੈਠੇ ਨੇਕੀ ਵਰਗੀ ਕਤੀੜ ਨੂੰ ਲਲਕਾਰ ਲਗਾਉਂਦਾ ਹੈ, ਕਿਸ ਤਰਾਂ ਕਿਸਾਨੀ ਦਾ ਦਰਦ ਰੱਖਦਾ ਹੋਇਆ ਕਿਸਾਨੀ ਸੰਘਰਸ਼ ਵਿੱਚ ਪਹੁੰਚ ਕੇ ਵੀ ਗਰਜਦਾ ਹੈ, ਕਿਸ ਤਰਾਂ ਪੰਜਾਬ ਲਈ ਤੜਫਦਾ ਹੋਇਆ ਇਹ ਬੱਚਾ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਹੁੰਦੇ ਜ਼ੁਲਮ ਵੀ ਸਹਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ ਮੰਤਰੀ ਬਾਜੇਕੇ ਦਾ ਪੁੱਤ ਅਕਾਸ਼ਦੀਪ ਸਿੰਘ ਸਾਰੀ ਬੈਠੀ ਹੋਈ ਸੰਗਤ ਨੂੰ ਪਾਣੀ ਪਿਲਾ ਰਿਹਾ ਸੀ। ਪਿਓ ਕੌਮ ਖ਼ਾਤਿਰ ਜੇਲ੍ਹ ਵਿੱਚ ਹੋਵੇ ਤੇ ਪੁੱਤ ਸੰਗਤ ਦੀ ਸੇਵਾ ਕਰ ਰਿਹਾ ਹੋਵੇ ਅਤੇ ਅਜੇ ਵੀ ਸਰਕਾਰ ਤੇ ਪ੍ਰਸ਼ਾਸਨ ਕਹੇ ਕਿ ਪ੍ਰਧਾਨ ਮੰਤਰੀ ਬਾਜੇਕੇ ਤੋਂ ਦੇਸ਼ ਨੂੰ ਖ਼ਤਰਾ ਹੈ ਬਹੁਤ ਹੀ ਸ਼ਰਮਨਾਕ ਸੋਚ ਹੈ। ਸੇਵਾ ਭਾਵਨਾ ਜਿੰਨਾਂ ਦੇ ਸਿਰਫ ਪਰਿਵਾਰਾਂ ਵਿੱਚ ਹੀ ਨਹੀਂ ਬਲਕਿ ਉੱਨਾਂ ਦੇ ਬੱਚਿਆਂ ਦੇ ਵਿੱਚ ਵੀ ਹੈ, ਇਹੋ ਜਿਹੇ ਲੋਕ ਦੇਸ਼ਾਂ ਲਈ ਖ਼ਤਰਾ ਨਹੀਂ ਹੁੰਦੇ, ਬਲਕਿ ਦੇਸ਼ਾਂ ਦੇ ਉਹ ਥੰਮ ਹੁੰਦੇ ਹਨ ਜਿੰਨਾਂ ਉੱਤੇ ਵੱਡੀਆਂ ਮੰਜਿਲਾਂ ਉਸਾਰੀਆਂ ਜਾਂਦੀਆਂ ਹਨ। ਸਿੱਖ ਕੌਮ ਕੋਲ ਇਸ ਤਰਾਂ ਦੇ ਜੁਝਾਰੂ ਪਰਿਵਾਰ ਭਰਪੂਰ ਹਨ ਤਾਂ ਹੀ ਤੇ ਸਰਕਾਰਾਂ ਅਤੇ ਪ੍ਰਸ਼ਾਸਨ ਦੇ ਹਰ ਸਦੀ ਦੇ ਜ਼ੁਲਮ ਤੋਂ ਬਾਦ ਸਿੱਖ ਕੌਮ ਆਪਣੇ ਸਿਦਕ ਨਾਲ ਆਪਣੇ ਨਿਸ਼ਾਨੇ ਵੱਲ ਨਿਰੰਤਰ ਵੱਧਦੀ ਜਾਂਦੀ ਹੈ। ਬਹੁਤ ਹੀ ਪਿਆਰੇ ਦੋਨੋਂ ਬੱਚੇ। ਦਿਨ ਰਾਤ ਮੋਰਚੇ ਵਿੱਚ ਰਹਿੰਦੇ ਹਨ। ਮੋਰਚੇ ਵਿੱਚ ਪਹੁੰਚ ਰਹੀ ਸਾਰੀ ਸੰਗਤ ਦੀ ਦੋਨੋਂ ਬੱਚੇ ਬਹੁਤ ਸੇਵਾ ਕਰ ਰਹੇ ਹਨ। ਮਾਣ ਨਾਲ ਸਿਰ ਉੱਚਾ ਹੋ ਜਾਂਦਾ ਹੈ ਇੰਨਾਂ ਹੋਨ ਹਾਰ ਬੱਚਿਆਂ ਨੂੰ ਦੇਖਕੇ।

**-ਰਸ਼ਿੰਪਦਰ ਕੌਰ ਗਿੱਲ**
**ਐਕਟਰ, ਲੇਖਕ, ਐਂਕਰ, ਸੰਪਾਦਕ, ਸੰਸਥਾਪਕ, ਪ੍ਰਧਾਨ- ਪੀਘਾਂ ਸੋਚ ਦੀਆਂ ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ +91-9888697078**

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ



**ਨਵੀਂ ਦਿੱਲੀ, 24 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤੇਜਿੰਦਰ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਅਰਦਾਸ ਭਾਈ ਸਲਵਿੰਦਰ ਸਿੰਘ ਨੇ ਕੀਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸੰਗਤ ਨੂੰ ਪਾਵਨ ਹੁਕਮਨਾਮਾ ਸਰਵਨ ਕਰਵਾਇਆ। ਉਨ੍ਹਾਂ ਭਗਤ ਰਵਿਦਾਸ ਜੀ ਦੇ ਜੀਵਨ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭਗਤ ਜੀ ਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਪਾਵਨ ਬਾਣੀ ਅਕਾਲ ਪੁਰਖ ਦੀ ਭਗਤੀ ਦੀ ਪ੍ਰੇਰਣਾ ਦੇਣ ਦੇ ਨਾਲ-ਨਾਲ ਸਰਬ-ਸਾਂਝੀਵਾਲਤਾ ਦੀ ਗੱਲ ਕਰਦੀ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਨੇ ਬਾਣੀ ਅੰਦਰ ਪਰਮਾਤਮਾ ਨਾਲ ਜੁੜਨ ਦਾ ਰਸਤਾ ਦਿਖਾਇਆ। ਉਨ੍ਹਾਂ ਸੰਗਤ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸਜਾਏ ਗਏ ਧਾਰਮਿਕ ਦੀਵਾਨ ਵਿਚ ਢਾਡੀ, ਕਵੀਸ਼ਰ ਜਥਿਆਂ ਵੱਲੋਂ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਚੀਫ ਅਕਾਊਂਟੈਂਟ ਸ. ਮਿਲਖਾ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਨਿਸ਼ਾਨ ਸਿੰਘ ਜੱਫਰਵਾਲ, ਸ. ਬਿਕਰਮਜੀਤ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਸੰਗਤਾਂ ਮੌਜੂਦ ਸਨ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੁਰਕੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ







ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

## ਸਵ: ਸ: ਜੁਗਿੰਦਰ ਸਿੰਘ ਸੂਰਾਪੁਰੀ

(ਉਪ ਚੇਅਰਮੈਨ ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ) ਦੀ ਯਾਦ ਨੂੰ ਸਮਰਪਿਤ

# 26ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

### ਪ੍ਰੋਗਰਾਮ



ਪੰਮਾ ਡੂੰਮੇਵਾਲੀਆ

ਮਿਤੀ : 3 ਮਾਰਚ 2024, ਦਿਨ ਐਤਵਾਰ ।

ਸਮਾਂ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਸੰਯੋਗ ਕਮਿਊਨਿਟੀ ਹਾਲ, ਲਧਾਣਾ ਉੱਚਾ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ

ਮੁੱਖ ਮਹਿਮਾਨ : **ਸ: ਇੰਦਰਬੀਰ ਸਿੰਘ** (ਆਈ.ਪੀ.ਐਸ.), ਡੀ.ਆਈ. ਜੀ. ਐਡਮਨਿਸ਼ਟ੍ਰੇਸ਼ਨ ਪੀ.ਏ.ਪੀ. ਜਲੰਧਰ।

ਵਿਸ਼ੇਸ਼ ਮਹਿਮਾਨ:

- ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਭਾਈ ਘਨੱਈਆ ਜੀ ਚੈਰੀਟੇਬਲ ਟਰੱਸਟ, ਯੂਨੀਕ ਹੋਮ, ਜਲੰਧਰ ।
- ਸ: ਪਿਆਰਾ ਸਿੰਘ ਨੂਰਪੁਰੀ ਕਨੇਡਾ ।
- ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਨਵਾਂਸ਼ਹਿਰ ।॥ ਬੀ.ਡੀ.ਸੀ. ਨਵਾਂਸ਼ਹਿਰ ।
- ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ।
- ਐਸ. ਅਸ਼ੋਕ ਭੌਰਾ ਜਨਰਾਲਿਸਟ (ਉਘੇ ਕਾਲਮ ਨਵੀਸ) ਯੂ.ਐਸ.ਏ. ।

ਸਨਮਾਨਿਤ ਸੰਸਥਾਵਾਂ ਅਤੇ ਸ਼ਖ਼ਸੀਅਤਾਂ :
ਭਾਈ ਘਨੱਈਆ ਜੀ ਸੇਵਕ ਦਲ ਜਾਡਲਾ (ਜੋੜਿਆਂ ਦੀ ਫਰੀ ਸੇਵਾ)
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।

ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਵਿਸ਼ੇਸ਼ ਆਕਰਸ਼ਨ : ਪੰਜਾਬੀ ਗਾਇਕ ਸਮਾਜਿਕ ਪੱਖ ਨੂੰ ਉਭਾਰਨ ਵਾਲੇ, ਸੱਭਿਆਚਾਰ ਦੇ ਅਲੰਬਰਦਾਰ **ਪੰਮਾ ਡੂੰਮੇਵਾਲੀਆ** ਆਪਣਾ ਪ੍ਰੋਗਰਾਮ ਪੇਸ਼ ਕਰਨਗੇ ।

ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ ।

**ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।**

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਨਗਰ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਠਲਾਵਾ ।

ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ।

ਮੋਬਾ: 98153-48143, 98140-23547




# FSO CALLS SIKH PROTEST

## In support of the Farmers Protest and calling for the release of Amritpal Singh and the Sikh prisoners in Dibrugarh jail

# Sunday 25 February 2-4pm outside the Indian Consulate Birmingham




# ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਭੁੱਖ ਹੜਤਾਲ ਉੱਤੇ ਬੈਠੇ

## ਵੱਧ ਤੋਂ ਵੱਧ ਸਮਰਥਨ ਕਰਦਿਆਂ ਹੋਇਆਂ ਇੰਨਾਂ ਪਰਿਵਾਰਾਂ ਕੋਲ ਹਾਜ਼ਰੀ ਲਗਵਾਉ

22 ਫਰਵਰੀ ਤੋਂ ਹੀ ਜਦੋਂ ਦਾ ਪਤਾ ਲੱਗਾ ਸੀ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਭੁੱਖ ਹੜਤਾਲ ਉੱਤੇ ਬੈਠ ਗਏ ਹਨ ਤਾਂ ਬੜਾ ਹੀ ਮਨ ਦੁੱਖੀ ਹੋਇਆ ਸੀ। ਅੱਜ 23 ਫਰਵਰੀ ਅੰਮ੍ਰਿਤਸਰ ਵਿਖੇ ਸ਼੍ਰੀ ਦਰਬਾਰ ਸਾਹਿਬ ਦੇ ਬਾਹਰ ਜਿੱਥੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਅਤੇ ਹੋਰ ਸਿੰਘਾਂ ਦੇ ਪਰਿਵਾਰਕ ਮੈਂਬਰ ਭੁੱਖ ਹੜਤਾਲ ਉੱਤੇ ਬੈਠੇ ਹਨ, ਉੱਨਾਂ ਸਭ ਦੇ ਦਰਸ਼ਨ ਕਰਕੇ ਆਈ ਹਾਂ। ਉਨਾਂ ਦਾ ਹਾਲ ਪੁੱਛ ਕੇ ਉਨਾਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ। ਮਨ ਬੜਾ ਉਚਾਟ ਹੋਇਆ। ਜਿੰਨਾਂ ਮਾਵਾਂ ਦੇ ਪੁੱਤ ਪਿਛਲੇ ਇੱਕ ਸਾਲ ਤੋਂ ਜੇਲਾਂ ਵਿੱਚ ਬੰਦ ਹੋਣ ਕਿ ਉਹ ਮਾਵਾਂ ਸੋਖੀਆਂ ਨੇ? ਕਿ ਉਨਾਂ ਮਾਵਾਂ ਦੇ ਟਿੱਡੋਂ ਬਦਅਸੀਸਾਂ ਨਹੀਂ ਨਿਕਲਦੀਆਂ? ਕਿ ਉਨਾਂ ਬੱਚਿਆਂ ਦੀ ਰੂਹ ਕੁਰਲਾਂਦੀ ਨਹੀਂ ਜਿੰਨਾਂ ਦੇ ਪਿਤਾ ਨੂੰ ਅੱਤਵਾਦੀ ਕਹਿ ਕੇ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ? ਰੋਜ਼ ਇਸ ਡਰ ਨਾਲ ਜ਼ਿੰਦਗੀ ਪਰਿਵਾਰ ਕੱਟ ਰਹੇ ਹਨ ਕਿ ਖੌਰੇ ਕੀ ਸੁਨੇਹਾ ਆ ਜਾਣਾ ਸਿੰਘਾਂ ਦਾ? ਉਹ ਜੇਲ੍ਹ ਵਿੱਚ ਮਹਿਫੂਸ ਹਨ ਜਾਂ ਨਹੀਂ? ਅਖੀਰ ਉਹ ਸਾਲ ਭਰ ਦਾ ਡਰ ਸਹੀ ਸਾਬਿਤ ਕਰ ਦਿੱਤਾ ਸਰਕਾਰ ਨੇ ਅਤੇ ਪ੍ਰਸ਼ਾਸਨ ਨੇ। ਸਾਡੇ ਸਿੰਘ ਜੇਲ੍ਹਾਂ ਵਿੱਚ ਸੁਰੱਖਿਅਤ ਨਹੀਂ ਹਨ। ਡਿਬਰੂਗੜ੍ਹ ਦੀ ਜੇਲ੍ਹ ਵਿੱਚ ਬੰਦ ਸਾਡੇ ਸਿੰਘਾਂ ਦੀ ਜਾਨ ਨੂੰ ਖਤਰਾ ਹੈ ਇਸ ਵਿੱਚ ਕੋਈ ਦੋ ਰਾਏ ਨਹੀਂ। ਪਰਿਵਾਰਾਂ ਦਾ ਇਹ ਡਰ ਬਿਲਕੁਲ ਜਾਇਜ਼ ਹੈ। NSA ਦੀ ਮੁਨਿਆਦ ਖਤਮ ਹੋਣ ਤੇ ਆਈ ਤਾਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਪਤਾ ਸੀ ਕਿ ਹੁਣ ਸਿੰਘ ਰਿਹਾ ਕਰਣੇ ਪੈਣੇ ਹਨ। ਤਾਂ ਸਿੰਘਾਂ ਨੂੰ ਹੋਰ ਕੈਦ ਵਿੱਚ ਰੱਖਣ ਲਈ ਹੁਣ ਇੱਕ ਨਵੀਂ ਹੀ ਖੇਡ ਰੱਚ ਦਿੱਤੀ, ਕਿਉਂਕੀ ਸਾਲ 2023 ਵਿੱਚ ਸਰਕਾਰ ਅਤੇ ਪ੍ਰਸ਼ਾਸਨ ਨੇ ਜੋ ਡਰਾਮਾ ਵਾਰਿਸ ਪੰਜਾਬ ਦੇ ਜਥੇਬੰਦੀ ਨੂੰ ਬਦਨਾਮ ਕਰਣ ਲਈ ਰਚਿਆ ਸੀ ਉਹ ਤਾਂ ਫੇਲ ਹੋ ਗਿਆ। ਸਰਕਾਰ ਅਤੇ ਪ੍ਰਸ਼ਾਸਨ ਨੇ ਜੋ ਡਰਾਮਾ ਭਾਈ ਅੰਮ੍ਰਿਤਪਾਲ ਸਿੰਘ ਨੂੰ ਬਦਨਾਮ ਕਰਣ ਲਈ ਰਚਿਆ ਸੀ ਉਹ ਤਾਂ ਸਿਰੇ ਚੜਿਆ ਹੀ ਨਹੀਂ। ਤਾਂ ਫਿਰ ਸਰਕਾਰ ਅਤੇ ਪ੍ਰਸ਼ਾਸਨ ਨੇ ਸੋਚਿਆ ਕਿ ਕਿਉਂ ਨਾ ਸਿੰਘਾਂ ਦੀਆਂ ਬੈਰਕਾਂ ਅਤੇ ਬਾਥਰੂਮਾਂ ਵਿੱਚ ਕੈਮਰੇ ਲਗਾ ਕੇ ਆਪਣੀ ਨੀਚਤਾ ਨੂੰ ਦਿਖਾਇਆ ਜਾਵੇ। ਜੋ ਸੁਹਿਰਦ ਸ਼ਖਸਿਅਤਾਂ ਹੁੰਦੀਆਂ ਹਨ ਉਹ ਸੱਤਾ ਤੇ ਕਾਬਜ ਹੋ ਕੇ ਰਾਜ ਕਰਦੀਆਂ ਹਨ ਅਤੇ ਆਪਣੇ ਰਾਜ ਵਿੱਚ ਸਭ ਨੂੰ ਖੁਸ਼ਹਾਲੀ ਵੰਡਦੀਆਂ ਹਨ। ਪਰ ਨੀਚ ਤੇ ਘਟੀਆ ਸੋਚ ਦੇ ਮਾਲਕ ਜਦੋਂ ਸੱਤਾ ਤੇ ਕਾਬਜ ਹੁੰਦੇ ਨੇ ਤਾਂ ਉਹ ਸਿਰਫ ਇਨਸਾਨਿਯਤ ਦਾ ਘਾਣ ਹੀ ਕਰਦੇ ਹਨ। ਇਨਸਾਨਿਯਤ ਨੂੰ ਸਿਰਫ ਸ਼ਰਮਸਾਰ ਹੀ ਕਰਦੇ ਹਨ। ਜਿਸ ਦੀ ਉਦਾਹਰਣ ਅੱਜ ਸਾਡੇ ਸਿੰਘਾਂ ਨੂੰ ਜੇਲ੍ਹਾਂ ਵਿੱਚ ਨਜ਼ਾਇਜ਼ ਬੰਦ ਕਰਕੇ, ਉਨ੍ਹਾਂ ਨੂੰ ਨਗਨ ਅਵਸਥਾ ਵਿੱਚ ਵੇਖਣ ਲਈ ਉਨ੍ਹਾਂ ਦੇ ਬਾਥਰੂਮਾਂ ਵਿੱਚ ਕੈਮਰੇ ਲਾ ਦਿੱਤੇ ਗਏ। ਸ਼ਰਮਨਾਕ ਸਰਕਾਰ ਅਤੇ ਸ਼ਰਮਨਾਕ ਪ੍ਰਸ਼ਾਸਨ ਦੇ ਕਿਰਦਾਰ ਨੂੰ ਡਿਬਰੂਗੜ੍ਹ ਜੇਲ੍ਹ ਨੇ ਸਾਹਮਣੇ ਲਿਆ ਕੇ ਰੱਖ ਦਿੱਤਾ ਹੈ। ਉਹ ਸਿੰਘ ਜੋ ਬਾਣੇ ਅਤੇ ਬਾਣੀ ਦੇ ਧਾਰਨੀ ਹਨ। ਉਹ ਸਿੰਘ ਜੋ ਸਿੱਖ ਕੌਮ ਦੀ ਅਗਵਾਈ ਸੁਹਿਰਦਤਾ ਨਾਲ ਕਰ ਰਹੇ ਹਨ। ਉਨ੍ਹਾਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਕੈਮਰਿਆਂ ਰਾਹੀਂ ਨਗਨ ਅਵਸਥਾ ਵਿੱਚ ਦੇਖਣਾ ਚਾਹੁੰਦੀ ਹੈ। ਬਹੁਤ ਵੱਡਾ ਵਿਚਾਰਣਯੋਗ ਮੁੱਦਾ ਹੈ। ਸਿੰਘਾਂ ਨੇ ਜੋ ਹੜਤਾਲ ਜੇਲ੍ਹ ਵਿੱਚ ਕੀਤੀ ਹੈ ਗਲਤ ਨਹੀਂ ਕੀਤੀ ਅਤੇ ਜੋ ਹੜਤਾਲ ਬਾਹਰ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਕੀਤੀ ਹੈ ਉਹ ਵੀ ਗਲਤ ਨਹੀਂ ਕੀਤੀ। ਕਿਉਂਕੀ ਇਸ ਤੋਂ ਇਲਾਵਾ ਕੋਈ ਹੱਲ ਹੈ ਹੀ ਨਹੀਂ। ਕੀ ਇਸ ਤੋਂ ਇਲਾਵਾ ਕੋਈ ਹੋਰ ਰਸਤਾ ਹੈ? ਜਵਾਬ ਸਿਰਫ ਹੈ, ਨਾ।



ਇਹ ਗੱਲ ਸਿਰਫ ਸ਼ਰਮਨਾਕ ਸਰਕਾਰ ਅਤੇ ਸ਼ਰਮਨਾਕ ਪ੍ਰਸ਼ਾਸਨ ਵੱਲੋਂ ਜੇਲ੍ਹਾਂ ਵਿੱਚ ਸਾਡੇ ਸਿੰਘਾਂ ਨੂੰ ਨਗਨ ਅਵਸਥਾ ਵਿੱਚ ਦੇਖਣ ਦੀ ਨਹੀਂ ਹੈ, ਇਹ ਗੱਲ ਸਮੁੱਚੀ ਸਿੱਖ ਕੌਮ ਦੇ ਮਾਣ ਸਨਮਾਨ ਦੀ ਗੱਲ ਹੈ। ਸਾਨੂੰ ਸਮਝਣ ਦੀ ਲੋੜ੍ਹ ਹੈ ਕਿ ਹੁਣ ਸਿੱਖ ਕੌਮ ਨੂੰ ਦਬਾਉਣ ਲਈ ਸਰਕਾਰ ਅਤੇ ਪ੍ਰਸ਼ਾਸਨ ਕਿੰਨਾਂ ਨੀਚ ਕੰਮਾਂ ਤੇ ਪਹੁੰਚ ਗਈ ਹੈ। ਮੈਂ ਕਈ ਵਾਰ ਇਹ ਸੋਚਦੀ ਹਾਂ ਕਿ ਸਰਕਾਰ ਅਤੇ ਪ੍ਰਸ਼ਾਸਨ ਦੇ ਪਰਿਵਾਰਿਕ ਮੈਂਬਰ ਵੀ ਇੰਨ੍ਹਾਂ ਵਾਂਗ ਹੀ ਨੀਚ ਬਿਰਤੀ ਦੇ ਹਨ? ਕਿ ਉਹ ਉਨ੍ਹਾਂ ਨੂੰ ਵੀ ਸ਼ਰਮ ਨਹੀਂ ਆਉਂਦੀ? ਕਿ ਉਨ੍ਹਾਂ ਦੇ ਇਹ ਅਹੁੱਦੇਦਾਰ ਬਣੇ ਫਿਰਦੇ ਕਿਸ ਹੱਦ ਤੱਕ ਗਿਰੇ ਹੋਏ ਹਨ? ਇੰਨ੍ਹਾਂ ਦੇ ਬੱਚਿਆਂ ਨੂੰ ਇਹ ਆਪਣੀਆਂ ਕੀ ਉੱਪਲਬਧੀਆਂ ਦੱਸਦੇ ਹੋਣਗੇ, ਕਿ ਮਾਵਾਂ ਦੇ ਸੁਹਿਰਦ ਪੁੱਤਾਂ ਨੂੰ ਕੌਮ ਦੇ ਸੁਹਿਰਦ ਆਗੂਆਂ ਨੂੰ ਅਸੀਂ ਨਜ਼ਾਇਜ਼ ਕੈਦ ਕਰਕੇ ਉਨ੍ਹਾਂ ਨੂੰ ਨਗਨ ਅਵਸਥਾ ਵਿੱਚ ਲੁੱਕ ਲੁੱਕ ਕੇ ਦੇਖਣਾ ਚਾਹੁੰਦੇ ਹਾਂ। ਕਿ ਸਰਕਾਰ ਅਤੇ ਪ੍ਰਸ਼ਾਸਨ ਦੇ ਪਰਿਵਾਰ ਲਾਹਨਤ ਨਹੀਂ ਮਹਿਸੂਸ ਕਰਦੇ? ਇਸਨੂੰ ਕਮੀਨਗੀ ਦੀ ਹੱਦ ਜਾਂ ਨੀਚਤਾ ਦੀ ਹੱਦ ਨਹੀਂ ਕਹਾਂਗੇ ਤਾਂ ਹੋਰ ਕੀ ਕਹਿਏ?

ਸਿੱਖ ਕੌਮ ਨੂੰ ਜਾਗਰੁਕ ਹੋਣ ਦੀ ਲੋੜ ਹੈ ਅਤੇ ਇੱਕਜੁਟ ਹੋਣ ਦੀ ਲੋੜ ਹੈ। ਜਦੋਂ ਤੱਕ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਸਾਰੇ ਸਿੰਘਾਂ ਦੀਆਂ ਮੰਗਾਂ ਨਹੀਂ ਮੰਨ ਲਈਆਂ ਜਾਂਦੀਆਂ। ਉਨ੍ਹਾਂ ਨੂੰ ਰਿਹਾ ਨਹੀਂ ਕਰ ਦਿੱਤਾ ਜਾਂਦਾ, ਉਦੋਂ ਤੱਕ ਸਾਨੂੰ ਸਭ ਨੂੰ ਰੋਜ਼ ਆਪਣੇ ਕੰਮਾਂ ਵਿੱਚੋਂ ਸਮਾਂ ਕੱਢ ਕੇ ਜਿੰਨੇ ਦਿਨ ਵੀ ਇਹ ਸਾਰੇ ਪਰਿਵਾਰ ਭੁੱਖ ਹੜਤਾਲ ਉੱਤੇ ਬੈਠੇ ਹਨ, ਸਾਨੂੰ ਵੱਧ ਤੋਂ ਵੱਧ ਸਮਰਥਨ ਕਰਦਿਆਂ ਹੋਇਆਂ ਇੰਨਾਂ ਪਰਿਵਾਰਾਂ ਕੋਲ ਹਾਜ਼ਰੀ ਲਗਵਾਉਣੀ ਚਾਹਿਦੀ ਹੈ।

-ਰਸ਼ਿਪੰਦਰ ਕੌਰ ਗਿੱਲ
ਐਕਟਰ, ਲੇਖਕ, ਐਂਕਰ, ਸੰਪਾਦਕ, ਸੰਸਥਾਪਕ, ਪ੍ਰਧਾਨ- ਪੀਂਘਾਂ ਸੋਚ ਦੀਆਂ ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ +91-9888697078

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ


SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL



SANT BEANT SINGH | WHATSAPP: +918530000006

ਆਵਾਜ਼ਿ ਕੌਮ AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ







ਅਵਤਾਰ ਪੁਰਬ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਅਤੇ ਜਨਮ ਦਿਹਾੜਾ ਸ਼੍ਰੋਮਣੀ ਭਗਤ ਸ੍ਰੀ ਰਵਿਦਾਸ ਸਾਹਿਬ ਜੀ ਅਤੇ ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ ਗੰਗਸਰ ਜੈਤੋ ਅਤੇ ( ਤੀਜ਼ੀ ਸਲਾਨਾ ਬਰਸੀ ਕੌਮੀਂ ਯੋਧਾਂ ਭਾਈ ਸੰਦੀਪ ਸਿੰਘ ਉਰਫ਼ ਦੀਪ ਸਿੱਧੂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜ਼ੇ ਤੱਕ ਭੋਗ ਪੈਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 23 ਫਰਵਰੀ ਸ਼ੁਕਰਵਾਰ 10:30 ਹੋਵੇਗੀ ਅਤੇ 25 ਫਰਵਰੀ ਐਤਵਾਰ 10:30 ਵਜੇ ਭੋਗ ਪੈਣਗੇ।

ਸਨੀਵਾਰ 24 ਫਰਵਰੀ ਸ਼ਾਮਾਂ 5 ਵਜੇ ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 25 ਫਰਵਰੀ 2024 ਸਾਢੇ 10:30 ਵਜੇ ਤੋਂ 12:30 ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਬਲਵਿੰਦਰ ਸਿੰਘ ਸੰਧਾ ਯੂ ਕੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਇਹ ਸਾਰੀ ਸੇਵਾ ਭਾਈ ਬਲਜਿੰਦਰ ਸਿੰਘ ਭੋਗਪੁਰ ਨਾਲ ਦੇ ਨੌਜਵਾਨ ਸਾਥੀਆਂ ਵੱਲੋਂ ਲਈ ਗਈ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ

ਦਾਤਾ ਤੇ ਭਗਤ ਸੂਰਮੇ ਜਿਉਂਦੇ ਜਗ ਰਹਿੰਦੇ ਨੇ

# ਸਲਾਨਾ ਬਰਸੀ (ਗੁਰਮਤਿ ਸਮਾਗਮ)

ਸਮੂਹ ਇਲਾਕਾ ਨਿਵਾਸੀ ਸੰਗਤਾ ਨੂੰ ਬੇਨਤੀ ਹੈ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਾਸਾਂ ਦੇ ਗ੍ਰਹਿ **ਪਿੰਡ ਮੁਕੰਦ ਸਿੰਘ ਵਾਲਾ** ਢਾਣੀ ਭੰਗੇ ਵਾਲਾ ਰੋਡ, ਵਿਖੇ






**ਸੱਚਖੰਡ ਵਾਸੀ ਸੰਤ ਬਾਬਾ ਨਾਜਰ ਸਿੰਘ ਜੀ ਦੀ**

**ਸੱਚਖੰਡ ਵਾਸੀ ਬਾਬਾ ਦਲਬੀਰ ਸਿੰਘ ਜੀ ਦੀ**

# ਸਲਾਨਾ ਬਰਸੀ

## ਮਿਤੀ 25 ਫਰਵਰੀ 2024 ਦਿਨ ਐਤਵਾਰ (13 ਫੱਗਣ)

## ਸਵੇਰੇ 10:00 ਤੋਂ 2:00 ਵਜੇ ਤੱਕ

ਦੀਵਾਨ ਸਜਾਏ ਜਾਣਗੇ ਜਿਸ ਵਿਚ ਪਹੁੰਚ ਰਹੇ ਜੱਥੇ

## ਸੰਤ ਬਾਬਾ ਅਮਰਜੀਤ ਸਿੰਘ ਜੀ (ਹਰਖੋਵਾਲ ਵਾਲੇ)

## ਭਾਈ.ਹਰਦੀਪ ਸਿੰਘ ਜੀ ਖਾਲਸਾ (ਪਟਿਆਲੇ ਵਾਲੇ)

ਗੁਰੂ ਘਰ ਦੇ ਬਚਨ ਸੁਣਾਕੇ ਕਥਾ ਕੀਰਤਨ ਨਾਲ ਸੰਗਤਾ ਨੂੰ ਨਿਹਾਲ ਕਰਨਗੇ।

ਸੋ ਆਪ ਸਭ ਸੰਗਤਾ ਸਮੇ ਸਿਰ ਪਹੁੰਚ ਕੇ ਗੁਰੂ ਘਰ ਦੀਆ ਖੁਸ਼ੀਆ ਪ੍ਰਾਪਤ ਕਰੋ ਜੀ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਆਵਾਜ਼ਿ ਕੌਮ AWAZE QAUM International Newspaper & WEB TV

ਬੇਨਤੀ ਕਰਤਾ: ਜਥੇਦਾਰ ਭਾਈ ਅੰਗਰੇਜ ਸਿੰਘ,

ਮੋਬ:94644-07775,79737-77797

## ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ’ਤੇ

# ਕਾਹਨੂੰਵਾਨ ਤੋਂ ਸਜਾਇਆ ਨਗਰ ਕੀਰਤਨ



**ਸ੍ਰੀ ਹਰਗੋਬਿੰਦਪੁਰ ਸਾਹਿਬ, 24 ਫਰਵਰੀ (ਕੁਲਜੀਤ ਸਿੰਘ ਖੋਖਰ)**-ਗੁਰੂ ਰਵਿਦਾਸ ਧਰਮਸਾਲਾ ਕਾਹਨੂੰਵਾਨ ਤੋ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆ ਦੀ ਯੋਗ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਦੀ ਰਵਾਨਗੀ ਤੋ ਪਹਿਲਾ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਅਰਦਾਸ ਕੀਤੀ ਗਈ ਅਰਦਾਸ ਉਪਰੰਤ ਇਹ ਨਗਰ ਕੀਰਤਨ ਕਸਬੇ ਦੀਆ ਪਰਕਰਮਾ ਕਰਦਾ ਹੋਇਆ ਅਰੰਭਿਕ ਸਥਾਨ ਤੇ ਸਮਾਪਤ ਹੋਇਆ ਨਗਰ ਕੀਰਤਨ ਦੌਰਾਨ ਰਾਗੀ ਜਥਿਆ ਨੇ ਗੁਰਬਾਣੀ ਦੇ ਰਸ ਭਿੰਨੇ ਕੀਰਤਨ ਰਾਹੀ ਸੰਗਤਾ ਨੂੰ ਨਿਹਾਲ ਕੀਤਾ! ਪੜਾਅ ਵਾਰ ਸਰਧਾਲੂਆ ਵਲੋ ਆਪਣੇ ਮੰਨ ਦੀ ਭਾਵਨਾ ਨਾਲ ਸੇਵਾ ਕੀਤੀ! ਸਮਾਪਤੀ ਤੋ ਬਾਅਦ ਰਾਗੀ ਜਥਿਆ ਨੂੰ ਗੁਰੂ ਦੀ ਬਖਸਿਸ ਸਿਰੋਪਾਉ ਪਾ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਗੁਰੂ ਕੇ ਅਤੁਟ ਲੰਗਰ ਵੀ ਸੰਗਤਾ ਚ ਵਰਤਾਏ ਗਏ! ਇਸ ਮੌਕੇ ਹੋਰਨਾ ਤੋ ਇਲਾਵਾ ਵੱਡੀ ਗਿਣਤੀ ਚ ਸੰਗਤਾ ਹਾਜਰ ਸਨ !

## ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਬਲਾਕ

# ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)– ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ (ਰਜਿ.) ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਵੱਖ-ਵੱਖ ਪਿੰਡਾਂ ’ਚੋਂ ਕੈਮਿਸਟ ਸਾਥੀਆਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਕੇਂਦਰ ਸਰਕਾਰ ਵੱਲੋਂ ਕਿਸਾਨ ਮਾਰੂ ਨੀਤੀਆਂ ’ਤੇ ਵੀਚਾਰਾਂ ਹੋਈਆਂ। ਕਿਸਾਨੀ ਮੰਗਾਂ ਨੂੰ ਲੈ ਕੇ ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ ’ਤੇ ਚਲ ਰਹੇ ਕਿਸਾਨ ਮੋਰਚਿਆਂ ਦੌਰਾਨ ਸਰਕਾਰ ਦੇ ਹਿੰਸਕ ਰਵੱਈਏ ਨਾਲ ਪੁਲੀਸ ਦੀ ਗੋਲੀ ਨਾਲ ਸ਼ਹੀਦ ਹੋਏ ਸ਼ੁਭਕਰਨ ਸਿੰਘ ਅਤੇ ਹੋਰ ਵੀ ਕਿਸਾਨ ਵੀਰਾਂ ਦੀਆਂ ਹੋਈਆਂ ਸ਼ਹੀਦੀਆਂ ਪ੍ਰਤੀ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਕੈਮਿਸਟ ਐਸ਼ੋਸੀਏਸਨ ਇਸ ਲੋਕਮਾਰੂ ਪ੍ਰਕਿਰਿਆ ਦੀ ਸਖ਼ਤ ਨਿੰਦਿਆ ਕਰਦੀ ਹੈ। ਕੈਮਿਸਟ ਐਸੋਸੀਏਸ਼ਨ ਵੱਲੋਂ ਕਿਸਾਨ ਜਥੇਬੰਦੀਆਂ ਦੇ ਚਲ ਰਹੇ ਸੰਘਰਸ਼ ’ਚ ਸਾਥ ਦੇਣ ਦਾ ਵੀ ਐਲਾਨ ਕੀਤਾ ਗਿਆ। ਐਸੋਸੀਏਸ਼ਨ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਮੰਗਾਂ ਜਾਇਜ ਹਨ ਕਿਸਾਨੀ ਮੰਗਾਂ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ। ਮੀਟਿੰਗ ਵਿਚ ਬਲਕਾਰ ਸਿੰਘ ਜੱਜਲ, ਵਿਜੇ ਸੇਖੂ, ਸੁਖਪਾਲ ਸਿੰਘ ਬਹਿਮਣ, ਗੁਰਦੀਪ ਗਿਆਨਾ, ਸੁਰਜੀਤ ਸਿੰਘ ਚੱਠਾ ਸੇਖੂ, ਪਰਵਿੰਦਰ ਸਿੰਘ ਕਣਕਵਾਲ, ਹਨੀ ਮਲਕਾਣਾ, ਦਵਿੰਦਰ ਸਿੰਘ ਮਲਕਾਣਾ, ਅਵਤਾਰ ਸਿੰਘ ਕੌਰੇਆਣਾ, ਨਵਦੀਪ ਸਿੰਘ ਨਥੇਹਾ, ਜਸਪ੍ਰੀਤ ਸਿੰਘ ਸੀਂਗੋ, ਸਵਰਾਜ ਸਿੰਘ ਸੀਂਗੋ, ਸ਼ਿਵਰਾਜ ਸਿੰਘ ਸੁਖਲੱਧੀ, ਵੀਰਦਵਿੰਦਰ ਸਿੰਘ ਚੱਕ ਆਦਿ ਸਾਥੀ ਹਾਜਰ ਹੋਏ।

## ਪਿੰਡ ਪੱਖੋਵਾਲ ਕੋਠੇ ਕੁਲੀਆਂ ਵਿਖੇ

# ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਫ਼ਰਵਰੀ ਕੁਲਜੀਤ ਸਿੰਘ ਖੋਖਰ**-ਮਿਤੀ 24-01-2024 ਧੰਨ-ਧੰਨ ਜਗਤ ਗੁਰੂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਜਨਮ ਦਿਹਾੜਾ ਪਿੰਡ ਪੱਖੋਵਾਲ ਕੋਠੇ ਕੁਲੀਆ ਅਤੇ ਸਾਰੇ ਗੁਰਦਾਸਪੁਰ ਵਿੱਚ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਮੰਦਿਰ ਦੇ ਸੇਵਾਦਾਰਾ ਵੱਲੋ ਸਵੇਰੇ ਚਾਹ ਦਾ ਲੰਗਰ ਵਰਤਾਇਆ ਗਿਆ। ਸੰਗਤਾ ਵੱਲੋ ਗੁਰੂ ਰਵਿਦਾਸ ਜੀ ਦੀ ਮਹਿਮਾ ਦੇ ਭਜਨ ਕੀਰਤਨ ਨਾਲ ਸੰਤਸੰਗ ਕੀਤਾ ਗਿਆ ਅਤੇ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ। ਗੁਰੂ ਰਵਿਦਾਸ ਮੰਦਿਰ ਦੇ ਮੁੱਖ ਸੇਵਾਦਾਰ ਸੰਤੋਖ ਰਾਜ, ਸੋਹਨ ਲਾਲ,ਰੋਹਿਤ ਕੁਮਾਰ , ਰਵੀ ਲੱਖਾ , ਦਲਬੀਰ ਸਰਪੰਚ ,ਹੀਰਾ ਲਾਲ ,ਪਵਨ ਕੁਮਾਰ , ਪ੍ਰਦੀਪ ਕੁਮਾਰ ,ਰਮੇਸ਼ ਕੁਮਾਰ,ਸੰਦੀਪ ਲਾਲਾ ,ਹਰੀ ਰਾਮ ਲੂਨਾ , ਆਰਵ ਲੂਨਾ ,ਅਤੇ ਪੱਖੋਵਾਲ ਕੋਠੇ ਕੁਲੀਆ ਦੀ ਸਮੂਹ ਸੰਗਤ ਨੇ ਜਗਤ ਗੁਰੂ ਸ਼੍ਰੀ ਰਵਿਦਾਸ ਮਹਾਰਾਜ ਜੀ ਦੇ ਚਰਨਾ ਵਿੱਚ ਹਾਜਰੀ ਭਰ ਕੇ ਆਸ਼ਿਰਵਾਦ ਪ੍ਰਾਪਤ ਕੀਤਾ।

# ਸ. ਦਰਸ਼ਨ ਸਿੰਘ ਭਾਊ ਕੈਨੇਡਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਰੋਵਿਨ ਅਗਜੈਕਟਿਵ ਮੈਂਬਰ ਕੀਤੇ ਗਏ ਨਿਯੁਕਤ : ਟਿਵਾਣਾ



**ਨਵੀਂ ਦਿੱਲੀ, 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-“ਸ. ਦਰਸ਼ਨ ਸਿੰਘ ‘ਭਾਊ’ ਕੈਨੇਡਾ ਜਿਨ੍ਹਾਂ ਨੇ ਪੰਜਾਬ ਵਿਚ ਰਹਿੰਦੇ ਹੋਏ ਵੀ ਪਾਰਟੀ ਦੀਆਂ ਨੀਤੀਆਂ ਅਤੇ ਸੋਚ ਉਤੇ ਦ੍ਰਿੜਤਾ ਨਾਲ ਪਹਿਰਾ ਦਿੰਦੇ ਹੋਏ ਲੰਮਾਂ ਸਮਾਂ ਜਿੰਮੇਵਾਰੀ ਵੀ ਨਿਭਾਈ ਅਤੇ ਪਾਰਟੀ ਪ੍ਰੋਗਰਾਮਾਂ ਨੂੰ ਸੰਗਤਾਂ ਵਿਚ ਬਾਦਲੀਲ ਢੰਗ ਨਾਲ ਪ੍ਰਚਾਰਦੇ ਰਹੇ ਹਨ । ਬਹੁਤ ਹੀ ਅੱਛੇ ਖਿਆਲਾਤਾਂ ਅਤੇ ਮਨੁੱਖਤਾ ਪੱਖੀ ਸੋਚ ਦੇ ਮਾਲਕ ਹਨ । ਕੌਮ ਦੀ ਆਜ਼ਾਦੀ ਦੇ ਸੰਘਰਸ਼ ਵਿਚ ਨਿੱਘਾ ਯੋਗਦਾਨ ਪਾਉਦੇ ਆ ਰਹੇ ਹਨ । ਜੋ ਕਿ ਅੱਜਕੱਲ੍ਹ ਲੰਮੇ ਸਮੇ ਤੋਂ ਕੈਨੇਡਾ ਵਿਚ ਸੈਟਲ ਹੋ ਕੇ ਉਥੇ ਵੀ ਪਾਰਟੀ ਸੋਚ ਅਤੇ ਨੀਤੀਆ ਦਾ ਸਿੱਦਤ ਨਾਲ ਪ੍ਰਚਾਰ ਕਰਦੇ ਆ ਰਹੇ ਹਨ । ਉਨ੍ਹਾਂ ਦੀਆਂ ਕੌਮੀ, ਪੰਥਕ ਅਤੇ ਮਨੁੱਖਤਾ ਪੱਖੀ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਪਾਰਟੀ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਵੱਲੋ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ‘ਰੋਵਿਨ ਅਗਜੈਕਟਿਵ ਮੈਬਰ’ (ਜਿਸਦਾ ਮਤਲਬ ਬਾਹਰਲੇ ਮੁਲਕਾਂ ਵਿਚ ਵੀ ਅਤੇ ਇੰਡੀਆ ਤੇ ਪੰਜਾਬ ਵਿਚ ਵੀ ਜਿੰਮੇਵਾਰੀ ਨਿਭਾਉਣ ਵਾਲਾ) ਨਿਯੁਕਤ ਕੀਤਾ ਗਿਆ ਹੈ । ਜਿਸਦੀ ਅਸੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਸਮੁੱਚੀ ਜਥੇਬੰਦੀ ਵੱਲੋ ਸ. ਦਰਸ਼ਨ ਸਿੰਘ ਭਾਊ ਕੈਨੇਡਾ ਨੂੰ ਇਸ ਹੋਈ ਕੌਮਾਂਤਰੀ ਪੱਧਰ ਦੀ ਨਿਯੁਕਤੀ ਉਤੇ ਹਾਰਦਿਕ ਮੁਬਾਰਕਬਾਦ ਦਿੰਦੇ ਹੋਏ ਇਹ ਉਮੀਦ ਕਰਦੇ ਹਾਂ ਕਿ ਉਹ ਆਪਣੀ ਮਿਲੀ ਇਸ ਵੱਡੀ ਜਿੰਮੇਵਾਰੀ ਨੂੰ ਪਹਿਲੇ ਨਾਲੋ ਵੀ ਵਧੇਰੇ ਤਨਦੇਹੀ, ਸਿੱਦਤ ਅਤੇ ਜਿੰਮੇਵਾਰੀ ਨਾਲ ਪੂਰੀ ਕਰਦੇ ਰਹਿਣਗੇ।”

ਇਹ ਜਾਣਕਾਰੀ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਦੇ ਮੁੱਖ ਦਫਤਰ ਤੋ ਇਸ ਹੋਈ ਨਿਯੁਕਤੀ ਸੰਬੰਧੀ ਪ੍ਰੈਸ ਰੀਲੀਜ ਜਾਰੀ ਕਰਦੇ ਹੋਏ ਅਤੇ ਸ. ਦਰਸ਼ਨ ਸਿੰਘ ਭਾਊ, ਉਨ੍ਹਾਂ ਦੇ ਪਰਿਵਾਰਿਕ ਮੈਬਰਾਂ, ਸੰਬੰਧੀਆਂ ਅਤੇ ਕੈਨੇਡਾ ਨਿਵਾਸੀਆ ਨੂੰ ਇਸ ਹੋਈ ਨਿਯੁਕਤੀ ਦੀ ਹਾਰਦਿਕ ਮੁਬਾਰਕਬਾਦ ਦਿੰਦੇ ਹੋਏ ਦਿੱਤੀ।

# ਦਿਨੋ ਦਿਨ ਵੱਧ ਰਿਹਾ ਹੈ ਆਮ ਆਦਮੀ ਪਾਰਟੀ ਦਾ ਕੁਨਬਾ -ਈ.ਟੀ.ਓ.



**ਚੌਂਕ ਮਹਿਤਾ 24 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਵੱਡੇ ਪੱਧਰ ਤੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਦਿਨੋ ਦਿਨੀ ਆਮ ਆਦਮੀ ਪਾਰਟੀ ਦਾ ਕੁਨਬਾ ਲਗਾਤਾਰ ਵੱਧ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਕਰਦਿਆਂ ਕਿਹਾ ਕਿ ਆਮ ਆਦਮੀ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿੱਤ ਹੋ ਕੇ ਪਿੰਡ ਗੱਗੜਭਾਣਾ ਰਾਕੇਸ਼ ਕੇਸ਼ਾ ਸਮੁੱਚੀ ਪੰਚਾਇਤ ਸਮੇਤ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਸਮੇਂ ਕੀਤਾ। ਸ: ਈ.ਟੀ.ਓ ਨੇ ਦੱਸਿਆ ਕਿ ਇਨਾਂ ਦੇ ਸ਼ਾਮਲ ਹੋਣ ਨਾਲ ਆਮ ਆਦਮੀ ਪਾਰਟੀ ਨੂੰ ਭਾਰੀ ਬਲ ਮਿੱਲਿਆ ਹੈ। ਉਨਾਂ ਕਿਹਾ ਕਿ ਆਉਂਦੀਆਂ ਲੋਕਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਸੂਬੇ ਦੀਆਂ 13 ਸੀਟਾਂ ਤੇ ਬੇਮਿਸਾਲ ਜਿੱਤ ਹਾਸਿਲ ਕਰੇਗੀ। ਉਨਾਂ ਕਿਹਾ ਕਿ ਸਾਡੀ ਪਾਰਟੀ ਆਮ ਆਦਮੀ ਦੀ ਪਾਰਟੀ ਹੈ ਅਤੇ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਿਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਕਾਂਗਰਸ ਪਾਰਟੀ ਛੱਡ ਕੇ ਆਈ ਸਮੁੱਚੀ ਪੰਚਾਇਤ ਨੂੰ ਵਿਸ਼ਵਾਸ਼ ਦਵਾਇਆ ਕਿ ਤੁਹਾਡਾ ਪਾਰਟੀ ਵਿੱਚ ਬਣਦਾ ਮਾਨ ਸਤਿਕਾਰ ਕੀਤਾ ਜਾਵੇਗਾ।

# ਸੱਤਿਆ ਭਾਰਤੀ ਐਲੀਮਟਰੀ ਸਕੂਲ ਚੰਨਣਕੇ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੀ ਹੋਈ ਮੀਟਿੰਗ





**ਚੌਂਕ ਮਹਿਤਾ, 24 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਲਸਟਰ ਸ, ਸੁਖਵਿੰਦਰ ਸਿੰਘ ਅਤੇ ਮੁੱਖ ਅਧਿਆਪਕਾਂ ਮੈਡਮ ਨਵਨੀਤ ਕੌਰ ਦੀ ਅਗਵਾਈ ਹੇਠ ਇਕ ਵਿਸੇਸ਼ ਮੀਟਿੰਗ ਹੋਈ। ਜਿਸ ਵਿੱਚ ਸਕੂਲ ਵਿੱਚ ਚੱਲ ਰਹੇ ਵੱਖ ਵੱਖ ਪ੍ਰੋਗਰਾਮਾਂ ਤੋਂ ਬੱਚਿਆਂ ਨੂੰ ਅਤੇ ਮਾਤਾ ਪਿਤਾ ਨੂੰ ਜਾਣੂ ਕਰਵਾਇਆ ਗਿਆ। ਜਿਸ ਵਿੱਚ ਬੋਰਡ ਦੇ ਪੇਪਰਾਂ ਸਬੰਧੀ ਜਾਣਕਾਰੀ ਦਿੱਤੀ ਗਈ। ਅਤੇ ਹੋਰ ਬੱਚਿਆਂ ਨੂੰ ਚੰਗੀਆਂ ਮਾੜੀਆਂ ਖਾਣ ਪੀਣ ਵਾਲੀਆਂ ਵਸਤੂਆਂ ਬਾਰੇ ਦੱਸਿਆ ਗਿਆ। ਖਾਸ ਕਰਕੇ ਬੱਚਿਆਂ ਦੀ ਸਾਫ ਸਫਾਈ, ਰੋਜ਼ਾਨਾ ਇਸਨਾਨ ਕਰਨ ਲਈ ਪੇਰਿਤ ਕੀਤਾ ਗਿਆ। ਵਾਰ ਵਾਰ ਸਾਬਣ ਨਾਲ ਹੱਥ ਧੋਣ ਉੱਤੇ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਕਲਸਟਰ ਸ, ਸੁਖਵਿੰਦਰ ਸਿੰਘ, ਤੋਂ ਇਲਾਵਾ ਸਕੂਲ ਦੀ ਮੁੱਖ ਅਧਿਆਪਕਾਂ ਮੈਡਮ ਨਵਨੀਤ ਕੌਰ, ਸੰਦੀਪ ਕੌਰ, ਗੁਰਮੀਤ ਕੌਰ, ਸਹਿਜਦੀਪ ਕੌਰ, ਪਵਨਦੀਪ ਕੌਰ, ਸਪਨੋਤ ਕੌਰ, ਲਵਦੀਪ ਕੌਰ, ਕਰਮਜੀਤ ਕੌਰ, ਜਸਨਪਰੀਤ ਕੌਰ, ਮਨਦੀਪ ਕੌਰ, ਜੈਸਮੀਨ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# ਫੱਗਣ ਮਹੀਨੇ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 24ਫਰਵਰੀ (ਮਨੋਹਰ ਲਾਲ) :ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਫੱਗਣ ਮਹੀਨੇ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਭੋਗ ਉਪਰੰਤ

ਆਵਾਜ਼ਿ ਕੌਮ AWAZE QAUM International Newspaper & WEB TV

ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਜੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਇਸ ਭਿਆਨਕ ਕਲਯੁੱਗ ਵਿਚ ਸਾਨੂੰ ਵਾਹਿਗੁਰੂ ਦਾ ਨਾਮ ਹੀ ਬਚਾ ਸਕਦਾ ਹੈ। ਕਿਉਂਕਿ ਕਲਯੁੱਗ ਸ਼ੈਤਾਨ ਪਲ ਪਲ ਵਿਚ ਸ਼ੈਤਾਨੀਆਂ ਕਰਦਾ ਹੈ। ਭਾਵ ਉਹ ਨਾਮ ਜੱਪਣ ਵਿਚ ਵੀ ਵਿਘਨ ਪਾਉਂਦਾ ਹੈ। ਇਸ ਕਲਯੁੱਗ ਸ਼ੈਤਾਨ ਤੋਂ ਸਾਨੂੰ ਬਚਣਾ ਚਾਹੀਦਾ ਹੈ ਕਿਉਂਕਿ ਉਹ ਮਨ ਨੂੰ ਆਪਣੇ ਕੰਟਰੋਲ ਕਰਨ ਲਈ ਕਈ ਸਬਜ਼ਬਾਗ ਵਿਖਾਉਂਦਾ ਹੈ, ਮਨ ਬਾਂਦਰ ਦੀ ਤਰ੍ਹਾਂ ਹੈ। ਇਸ ਲਈ ਹੈ ਭਾਈ ਮਨ ਨੂੰ ਆਪਣੇ ਕੰਟਰੋਲ ਵਿਚ ਰੱਖ ਕੇ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰੋ, ਬਾਣੀ ਪੜਨ ਨਾਲ, ਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੋ ਜਾਣਗੇ। ਬਾਬਾ ਜੀ ਨੇ ਅੱਗੇ ਕਿਹਾ ਕਿ ਇਸ ਵੇਲੇ ਕਿਸਾਨ ਦਿੱਲੀ ਦੀਆਂ ਬਰੂਹਾਂ ਤੇ ਬੈਠਾ ਹੈ ਅਤੇ ਸਰਕਾਰ ਉਨ੍ਹਾਂ ਉਪਰ ਤਸ਼ੱਦਦ ਕਰ ਰਹੀ ਹੈ। ਕਦੇ ਅੱਥਰੂ ਗੈਸ, ਕਦੇ ਸਿੱਧੀਆਂ ਗੋਲੀਆਂ ਚਲਾਉਂਦੇ ਹਨ, ਜਿਸ ਕਰਕੇ ਸਾਡੇ ਇਕ ਨੌਜਵਾਨ ਦੀ ਮੌਤ ਹੋ ਗਈ ਸੀ ਅਤੇ ਬਹੁਤ ਸਾਰੇ ਕਿਸਾਨ ਜ਼ਖਮੀਂ ਹੋ ਗਏ ਸੀ। ਅਸੀਂ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਮੋਦੀ ਜੀ ਪਹਿਲਾ ਵੀ ਤੁਸੀਂ ਇਕ ਸਾਲ ਕਿਸਾਨਾਂ ਨੂੰ ਬਿਠਾਈ ਰੱਖਿਆ ਸੀ ਅਤੇ ਫਿਰ ਤੁਸੀਂ ਕਾਲਾ ਕਾਨੂੰਲ ਖਤਮ ਕਰ ਦਿੱਤਾ ਸੀ। ਹੁਣ ਵੀ ਕਿਸਾਨਾਂ ਦੀਆਂ ਮੰਗਾਂ ਮੰਨ ਲਓ, ਜ਼ਰੂਰ ਜ਼ਿਆਦਾ ਸਮਾ ਕਿਸਾਨਾਂ ਨੂੰ ਰੋਲਣਾ ਹੈ। ਇਸ ਮੌਕੇ ਤੇ ਸਟੇਜ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਖੀਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

### ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵੱਲੋਂ

# ਪਿੰਡ ਫ਼ਰੀਦਾਵਾਲਾ ਵਿੱਚ ਚੈਕਅੱਪ ਕੈਂਪ ਲਗਾਇਆ



ਫ਼ਿਰੋਜ਼ਪੁਰ, 24ਫਰਵਰੀ (ਮਨੋਹਰ ਲਾਲ) ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਪਿੰਡ ਫ਼ਰੀਦਾਵਾਲਾ ਵਿਖੇ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ ।ਜਾਣਕਾਰੀ ਅਨੁਸਾਰ ਇਹ ਕੈਂਪ ਪਿੰਡ ਦੇ ਸ੍ਰੀ ਗੁਰੂਦੁਆਰਾ ਸਾਹਿਬ ਵਿਖੇ ਲਗਾਇਆ ਗਿਆ ।ਇਸ ਕੈਂਪ ਵਿੱਚ ਡਾ. ਸੁਕੀਰਤ ਕੌਰ, ਡਾ. ਸਮਰਿਤੀ ਅਤੇ ਡਾ. ਪਰਬਰਾ ਨੇ ਪਿੰਡ ਦੇ ਮਰੀਜ਼ਾਂ ਦਾ

ਆਵਾਜ਼ਿ ਕੌਮ AWAZE QAUM International Newspaper & WEB TV

ਚੈੱਕਅਪ ਕੀਤਾ ।ਇਸ ਕੈਂਪ ਵਿੱਚ ਡਾ. ਸੁਕੀਰਤ ਕੌਰ, ਡਾ. ਸਮ੍ਰਿਤੀ ਅਤੇ ਡਾ. ਪਰਬਰਾ ਨੇ ਪਿੰਡ ਵਾਸੀਆਂ ਨੂੰ ਦੱਸਿਆ ਕਿ ਸਰੀਰ ਦੇ ਅੰਗਾਂ ਵਿੱਚ ਸਾਫ਼ ਦੰਦਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਗੰਦੇ ਦੰਦਾਂ ਨਾਲ ਨਾ ਸਿਰਫ਼ ਸਾਹ ਵਿੱਚ ਬਦਬੂ ਆਉਂਦੀ ਹੈ ਸਗੋਂ ਕਈ ਬਿਮਾਰੀਆਂ ਦਾ ਖ਼ਤਰਾ ਵੀ ਵਧ ਜਾਂਦਾ ਹੈ। ਇਸ ਲਈ ਹਰ ਮਨੁੱਖ ਲਈ ਇਹ ਜ਼ਰੂਰੀ ਹੈ ਕਿ ਉਹ ਆਪਣੇ ਦੰਦਾਂ ਨੂੰ ਨਿਯਮਿਤ ਤੌਰ 'ਤੇ ਦੋਵੇਂ ਸਮੇਂ ਸਾਫ਼ ਕਰੇ। ਇਸ ਮੌਕੇ ਪੀਆਰਓ ਰਣਜੀਤ ਸਿੰਘ, ਮਨਜੀਤ ਸਿੰਘ ਨੇ ਸਾਰਿਆਂ ਨੂੰ ਪੇਸਟ ਅਤੇ ਟੂਥਬਰਸ਼ ਵੰਡੇ। ਇਸ ਮੌਕੇ ਪਿੰਡ ਵਾਸੀ ਅਤੇ ਕਾਲਜ ਦੀ ਟੀਮ ਹਾਜ਼ਰ ਸੀ।

# ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ 'ਚ ਗ੍ਰੈਂਡ ਪੇਰੈਂਟਸ ਡੇ ਦਾ ਆਯੋਜਨ




**ਫ਼ਿਰੋਜ਼ਪੁਰ, 24ਫਰਵਰੀ (ਮਨੋਹਰ ਲਾਲ)**-ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ-ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ 23 ਫਰਵਰੀ 2024 ਨੂੰ ਗ੍ਰੈਂਡ ਪੇਰੈਂਟਸ ਡੇ ਦਾ ਆਯੋਜਨ ਕੀਤਾ ਗਿਆ। ਇਸ

ਆਵਾਜ਼ਿ ਕੌਮ AWAZE QAUM International Newspaper & WEB TV

ਮੌਕੇ ਵਿਦਿਆਰਥੀਆਂ ਦੇ ਮਾਪਿਆਂ ਦੇ ਨਾਲ-ਨਾਲ ਉਨ੍ਹਾਂ ਦੇ ਦਾਦਾ-ਦਾਦੀ ਨੇ ਵੀ ਸ਼ਿਰਕਤ ਕੀਤੀ। ਇਸ ਦੌਰਾਨ ਫਾਊਂਡੇਸ਼ਨ ਕਲਾਸ ਦੇ ਵਿਦਿਆਰਥੀਆਂ ਨੇ ਸਟੇਜ 'ਤੇ ਆਪਣੀ ਅਦਾਕਾਰੀ ਅਤੇ ਪੇਸ਼ਕਾਰੀਆਂ ਨਾਲ ਸਾਰਿਆਂ ਦਾ ਮਨ ਮੋਹ ਲਿਆ। ਬੱਚਿਆਂ ਵੱਲੋਂ ਕੋਰੀਓਗ੍ਰਾਫੀ ਰਾਹੀਂ ਦਾਦਾ-ਦਾਦੀ ਦਾ ਸਤਿਕਾਰ, ਪਿਆਰ ਅਤੇ ਮਹੱਤਵ ਦਰਸਾਇਆ ਗਿਆ। ਇਸ ਸਮਾਗਮ ਨੂੰ ਵਿਸ਼ੇਸ਼ ਬਣਾਉਣ ਲਈ ਮਨੋਰੰਜਕ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਦਾਦਾ-ਦਾਦੀ ਨੇ ਭਾਗ ਲਿਆ ਅਤੇ ਸਾਰਿਆਂ ਨੇ ਗੀਤ-ਸੰਗੀਤ ਦੀਆਂ ਸੁਰੀਲੀਆਂ ਧੁਨਾਂ ਨਾਲ ਮਨੋਰੰਜਨ ਕੀਤਾ। ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਬਜ਼ੁਰਗਾਂ ਅਤੇ ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਸਾਫ਼ ਝਲਕ ਰਹੀ ਸੀ ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਸੀਨੀਅਰ ਸਿਟੀਜ਼ਨ ਆਪਣੇ ਬੱਚਿਆਂ ਅਤੇ ਪੋਤੇ-ਪੋਤੀਆਂ ਦੀ ਨਿਰਸਵਾਰਥ ਸੇਵਾ ਕਰਦੇ ਹਨ। ਉਹਨਾਂ ਨੂੰ ਬਿਹਤਰ ਇਨਸਾਨ ਬਣਨ ਵਿੱਚ ਮਦਦ ਕਰੋ। ਉਹ ਸਾਡੇ ਸਮਾਜਿਕ ਢਾਂਚੇ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹਨ। ਉਹ ਇੱਕ ਮਹੱਤਵਪੂਰਨ ਪਰਿਵਾਰਕ ਰਿਸ਼ਤੇ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰਦੇ ਹਨ। ਇਸ ਤਰ੍ਹਾਂ ਸਮਾਜ ਨੂੰ ਸੰਤੁਲਨ ਅਤੇ ਸਥਿਰਤਾ ਪ੍ਰਦਾਨ ਕਰਦਾ ਹੈ। ਉਨ੍ਹਾਂ ਇਸ ਪ੍ਰੋਗਰਾਮ ਵਿੱਚ ਆਏ ਸਾਰੇ ਬਜ਼ੁਰਗਾਂ ਅਤੇ ਬੱਚਿਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮਾਂ ਰਾਹੀਂ ਬੱਚਿਆਂ ਨੂੰ ਸਿੱਖਿਅਤ ਕਰਨ ਦੇ ਨਾਲ-ਨਾਲ ਉਨ੍ਹਾਂ ਅੰਦਰ ਕਦਰਾਂ-ਕੀਮਤਾਂ ਦੀ ਭਾਵਨਾ ਪੈਦਾ ਕਰਨੀ ਵੀ ਜ਼ਰੂਰੀ ਹੈ। ਤਾਂ ਜੋ ਉਹ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਅਤੇ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨ। ਉਨ੍ਹਾਂ ਦੇ ਉੱਤਮ ਮਾਰਗ-ਦਰਸ਼ਨ ਨੂੰ ਅਪਣਾ ਕੇ ਤੁਸੀਂ ਜੀਵਨ ਵਿੱਚ ਇੱਕ ਸਫਲ ਵਿਅਕਤੀ ਬਣ ਗਏ।

# 27 ਨੂੰ ਫਰੀ ਮੈਡੀਕਲ ਜਾਂਚ ਕੈਂਪ ਅੰਬਾਲਾ ਜੱਟਾਂ ਵਿਖੇ ਲਗਾਇਆ ਜਾਵੇਗਾ : ਪਾਠਕ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਫ਼ਰਵਰੀ (ਕੁਲਜੀਤ ਸਿੰਘ ਖੋਖਰ)**-ਪਾਠਕ ਹਸਪਤਾਲ ਐਕਸੀਡੈਂਟ ਕੇਅਰ ਅਤੇ ਜੁਆਇੰਟ ਰਿਪਲੇਸਮੈਂਟ ਸੈਂਟਰ ਟਾਂਡਾ ਦੇ ਸੀਨੀਅਰ ਮੈਡੀਕਲ ਡਾਕਟਰ ਅਮਿਤ ਪਾਠਕ ਨੇ ਪਤਰਕਾਰਾਂ ਦੇ ਰੂਬਰੂ ਹੋ ਕੇ ਦੱਸਿਆ ਕਿ 27 ਫ਼ਰਵਰੀ 2024 ਦਿਨ ਮੰਗਲਵਾਰ ਨੂੰ ਸਥਾਨ ਅੰਬਾਲਾ ਜੱਟਾਂ ਵਿਖੇ



ਫ੍ਰੀ ਮੈਡੀਕਲ ਜਾਂਚ ਕੈਂਪ ਲਗਾਇਆ ਜਾਵੇਗਾ ਇਸ ਕੈਂਪ

ਆਵਾਜ਼ਿ ਕੌਮ AWAZE QAUM International Newspaper & WEB TV

ਦੌਰਾਨ ਹਰ ਮਰੀਜ਼ਾਂ ਨੂੰ ਮੁਫ਼ਤ ਡਾਕਟਰੀ ਸਹਾਇਤਾ ਬਾਰੇ ਸਲਾਹ ਮਸ਼ਵਰਾ ਦਿੱਤਾ ਜਾਵੇਗਾ ਅਗੇ ਉਹਨਾਂ ਕਿਹਾ ਕਿ ਕੈਂਪ ਵਿੱਚ ਫ਼ਰੀ ਟੈਸਟ ਕੀਤੇ ਜਾਣ ਗੇ ਜਿਵੇਂ ਕਿ ਬਲੱਡ ਸ਼ੂਗਰ ਅੱਖਾਂ ਦੇ ਨਾਲ ਸਬੰਧਤ ਰੋਗਾਂ ਦੇ ਨਾ ਮੁਰਾਦ ਬਿਮਾਰੀਆਂ ਦੇ ਦੇ ਟੈਸਟ ਕੀਤੇ ਜਾਣ ਗੇ ਉਹਨਾਂ ਕਿਹਾ ਕਿ ਇਹ ਕੈਂਪ ਸਵੇਰੇ 9.30 ਤੋ ਦੁਪਿਹਰ 1.30 ਵਜੇ ਤੱਕ ਰਹੇਗਾ ਉਹਨਾਂ ਕਿਹਾ ਕਿ ਕੈਂਪ ਦੌਰਾਨ ਹੱਡੀਆਂ ਜੋੜਾਂ ਦਾ ਇਲਾਜ ਚੂਲੇ ਅਤੇ ਗੋਡੇ ਗੋਡੇ ਬਦਲਣ ਅਤੇ ਦੰਦਾਂ ਦੇ ਰੋਗਾਂ ਦਾ ਇਲਾਜ ਮੈਡੀਕਲ ਰੋਗਾਂ ਦਾ ਇਲਾਜ ਜਰਨਲ ਅਪਰੇਸ਼ਨ ਇਸਤਰੀਆਂ ਦੇ ਰੋਗਾਂ ਦੇ ਇਲਾਜ ਲਈ ਅਤੇ ਅੱਖਾਂ ਦੇ ਇਲਾਜ ਦੇ ਸਪੈਸ਼ਿਲਸਟ ਡਾਕਟਰ ਆ ਰਹੇ ਹਨ ਅਗੇ ਡਾਕਟਰ ਅਮਿਤ ਕੁਮਾਰ ਪਾਠਕ ਨੇ ਲੋਕਾਂ ਨੂੰ ਬੇਨਤੀ ਕੀਤੀ ਕਿ ਉਹ ਵਧ ਤੋਂ ਵਧ ਲੋਕ ਕੈਂਪ ਵਿੱਚ ਆ ਕੇ ਆਪਣੀਆਂ ਬਿਮਾਰੀਆਂ ਦਾ ਇਲਾਜ ਕਰਵਾਉਣ

# ਕਿਸਾਨਾਂ ਉਪਰ ਸਰਕਾਰ ਵਲੋਂ ਹਿੰਸਕ ਕਾਰਵਾਈ ਲੋਕਤੰਤਰਿਕ ਦੇਸ਼ ਦੀ ਨਿਰਪੱਖਤਾ ਉਪਰ ਵੱਡਾ ਸੁਆਲ: ਸੁਖਵਿੰਦਰ ਸਿੰਘ ਬੱਬਰ

ਨਵੀਂ ਦਿੱਲੀ 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ) :-ਕਿਸਾਨ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਜ਼ਮਹੂਰੀਅਤ ਢੰਗ ਨਾਲ ਦਿੱਲੀ ਨਾ ਜਾਣ ਦੇਣ ਕਰਕੇ ਪੰਜਾਬ ਹਰਿਆਣਾ ਦੀ ਸਰਹੱਦਾਂ ਉਪਰ ਸ਼ਾਂਤਮਈ ਸੰਘਰਸ਼ ਵਿੱਢਿਆ ਹੋਇਆ ਹੈ, ਪਰ ਕੇਂਦਰ ਅਤੇ ਸਟੇਟ ਸਰਕਾਰ ਉਨ੍ਹਾਂ ਦੀਆਂ ਹੱਕੀ ਮੰਗਾਂ



ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਪੂਰਨ ਕਰਨ ਦੀ ਬਜਾਇ ਉਨ੍ਹਾਂ ਉਤੇ ਗੈਰ ਵਿਧਾਨਿਕ ਢੰਗ ਰਾਹੀ ਜ਼ਬਰ ਜੁਲਮ ਢਾਹੁੰਣ, ਕਿਸਾਨਾਂ ਨੂੰ ਮਾਰਨ, ਜਖਮੀ ਕਰਨ ਤੇ ਉਤਰ ਆਈ ਹੈ, ਜੋ ਕਿ ਇਕ ਲੋਕਤੰਤਰਿਕ ਦੇਸ਼ ਦੀ ਨਿਰਪੱਖਤਾ ਉਪਰ ਵੱਡਾ ਸੁਆਲ ਪੈਦਾ ਕਰਣ ਦੇ ਸੰਸਾਰ ਭਰ ਅੰਦਰ ਆਲੋਚਨਾ ਦਾ ਕੇਂਦਰ ਬਣ ਗਿਆ ਹੈ । ਸਰਦਾਰ ਸੁਖਵਿੰਦਰ ਸਿੰਘ ਬੱਬਰ ਮੈਂਬਰ ਦਿੱਲੀ ਗੁਰਦਵਾਰਾ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਕੱਤਰ ਜਨਰਲ ਨੇ ਪ੍ਰੈਸ ਨੂੰ ਜਾਰੀ ਕੀਤੇ ਬਿਆਨ ਰਾਹੀਂ ਕਿਹਾ ਕਿ ਸਟੇਟ ਅਤੇ ਸਰਕਾਰ ਦੀ ਹਿੰਸਾ, ਦੇਸ਼ ਅੰਦਰ ਰੋਸ ਪ੍ਰਦਰਸ਼ਨ ਕਰਨ ਦੇ ਮੁਢਲੇ ਸੰਵਿਧਾਨਕ ਅਧਿਕਾਰਾਂ ਨੂੰ ਕੁਚਲ ਕੇ ਇਕ ਦੁਸਮਣ ਦੇਸ਼ ਵਾਲਾ ਰਵੱਇਆ ਅਪਣਾ ਰਹੀ ਹੈ। ਇਨ੍ਹਾਂ ਦੀ ਜਿਤਨੀ ਨਿੰਦਾ ਕੀਤੀ ਜਾਏ ਓਹ ਘੱਟ ਹੈ । ਹਿੰਸਾ ਦੇ ਇਸ ਮਸਲੇ 'ਤੇ ਜਿਤਨੀ ਜਿੰਮੇਵਾਰ ਹਰਿਆਣਾ ਸਟੇਟ ਦੀ ਹੈ ਉਤਨੀ ਹੀ ਜਿੰਮੇਵਾਰ ਪੰਜਾਬ 'ਚ ਭਗਵੰਤ ਮਾਨ ਦੀ ਹਕੂਮਤ ਵੀ ਹੈ ਕਿਉਂਕਿ ਇਹ ਹਮਲੇ ਪੰਜਾਬ ਦੀ ਸਰਜ਼ਮੀਨ 'ਤੇ ਹੋ ਰਹੇ ਨੇ ਪਰ ਮਾਨ ਸਾਹਿਬ ਗੱਲੀਬਾਤੀ ਹੀ ਕੰਮ ਚਲਾ ਰਹੇ ਨੇ, ਪਿਛਲੇ ਦਿਨਾਂ ਤੋਂ ਇਹਨਾਂ ਹਮਲਿਆਂ ਵਿਰੁੱਧ ਉਹਨਾਂ ਵਲੋਂ ਕੋਈ ਠੋਸ ਨੀਤੀ ਅਮਲੀ ਰੂਪ ਵਿਚ ਨਹੀਂ ਅਪਣਾਈ ਜਾ ਸਕੀ ਹੈ । ਹਾਲਾਂਕਿ ਬਾਹਰਲੇ ਮੁਲਕਾਂ ਅੰਦਰ ਸਿੱਖ ਇਕੱਠੇ ਹੋ ਕੇ ਆਪੋ ਆਪਣੇ ਵਸੀਲਿਆਂ ਰਾਹੀਂ ਇਨ੍ਹਾਂ ਦਾ ਵਿਰੋਧ ਕਰ ਰਹੇ ਹਨ ਪਰ ਦੁੱਖ ਦੀ ਗੱਲ ਇਹ ਹੈ ਕਿ ਪੰਥ ਦੀ ਇੱਕੋ ਇਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਕੁਝ ਲੋਕ ਚੇਅਰਮੈਨੀਆਂ ਲਈ ਛੱਡ ਕੇ ਜਾ ਰਹੇ ਹਨ । ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਪੁਰਾਣੇ ਅਤੇ ਨਵੇਂ ਵਰਕਰਾਂ ਦਾ ਫਰਜ਼ ਬਣਦਾ ਹੈ ਕਿ ਓਹ ਆਪਣੇ ਵੱਖਰੇਵੇਂਆਂ ਨੂੰ ਇਕ ਪਾਸੇ ਰੱਖ ਕੇ ਪਾਰਟੀ ਨੂੰ ਮਜਬੂਤ ਕਰਣ ਜਿਸ ਨਾਲ ਸਿੱਖਾਂ ਨਾਲ ਹੋ ਰਹੀ ਬੇਇਨਸਾਫ਼ੀ ਵਿਰੁੱਧ ਵੱਡੇ ਪੱਧਰ ਤੇ ਸੰਘਰਸ਼ ਕੀਤਾ ਜਾ ਸਕੇ।

# ਨਸ਼ੇ ਦੀ ਓਵਰਡੋਜ਼ ਕਾਰਨ 40 ਸਾਲਾ ਔਰਤ ਦੀ ਮੌਤ

ਮੱਲਾਂਵਾਲਾ 24 ਫਰਵਰੀ (ਸੁਖਵਿੰਦਰ ਸਿੰਘ): ਪੰਜਾਬ ਵਿੱਚ ਨਸ਼ਿਆਂ ਨਾਲ ਹੋ ਰਹੀਆਂ ਮੌਤਾਂ ਦਾ ਸਿਲਸਿਲਾ ਰੁਕਣ ਦਾ ਨਾਮ ਹੀ ਨਹੀਂ ਲੈ ਰਿਹਾ। ਇਸ ਨਸ਼ੇ ਦੀ ਦਲਦਲ ਵਿੱਚ ਨੌਜਵਾਨਾਂ ਦੇ ਨਾਲ ਨਾਲ ਔਰਤਾਂ ਵੀ ਇਸ ਦਲਦਲ ਵਿੱਚ ਜਾ ਰਹੀਆਂ ਹਨ ।ਕਸਬਾ ਮੱਲਾਂਵਾਲਾ ਦੀ ਵੀ ਇੱਕ ਔਰਤ ਦੀ ਨਸ਼ੇ ਦੀ ਓਵਰਡੋਜ ਨਾਲ ਮੌਤ



ਆਵਾਜ਼ਿ ਕੌਮ AWAZE QAUM International Newspaper & WEB TV

ਹੋ ਗਈ। ਜਿਸ ਦੀ ਪਹਿਚਾਣ 40 ਸਾਲਾ ਕੁਲਵੰਤ ਕੌਰ ਪਤਨੀ ਰਣਜੀਤ ਵਜੋਂ ਹੋਈ ਹੈ ।ਔਰਤ ਪਿਛਲੇ 6 ਸਾਲਾਂ ਤੋਂ ਨਸ਼ੇ ਦੀ ਆਦੀ ਸੀ। ਇਸ ਦੇ 2 ਸਾਲ ਪਹਿਲਾਂ ਨਸ਼ੇ ਕਾਰਨ ਪਤੀ ਦੀ ਵੀ ਮੌਤ ਹੋ ਗਈ ਸੀ। ਰਣਜੀਤ ਕੌਰ ਦੀਆਂ ਦੋ ਧੀਆਂ ਅਤੇ ਇੱਕ ਪੁੱਤਰ ਸੀ। ਇੱਕ ਧੀ 18 ਸਾਲ ਦੀ ਸ਼ਾਦੀਸ਼ੁਦਾ ਅਤੇ ਇੱਕ ਧੀ 11 ਸਾਲ ਦੀ ਅਤੇ ਇੱਕ ਪੁੱਤਰ ਦੀ ਉਮਰ 16 ਸਾਲ ਹੈ। ਮ੍ਰਿਤਕ ਦੇ ਪੁੱਤਰ ਨੇ ਦੱਸਿਆ ਕਿ ਉਹ ਲੋਕਾਂ ਦੇ ਖੇਤਾਂ ਵਿੱਚ ਕੰਮ ਕਰਕੇ ਆਪਣੇ ਘਰ ਦਾ ਗੁਜ਼ਾਰਾ ਚੱਲਦਾ ਹੈ ਅਤੇ ਸਾਡੇ ਪਿੰਡਾਂ ਦੇ ਆਸ ਪਾਸ ਨਸ਼ਾ ਆਮ ਮਿਲਦਾ ਹੈ। ਨਸ਼ੇ ਕਾਰਨ ਸਾਡਾ ਘਰ ਬਰਬਾਦ ਹੋ ਗਿਆ। ਅਸੀਂ ਦੋਵੇਂ ਭਰਾ ਅਤੇ ਭੈਣ ਲੋਕਾਂ ਦੇ ਘਰਾਂ ਵਿੱਚ ਮਿਹਨਤ ਕਰਕੇ ਪੇਟ ਭਰਦੇ ਹਾਂ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨਸ਼ੇ ਵੇਚਣ ਵਾਲਿਆਂ ਖਿਲਾਫ਼ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਨੌਜਵਾਨ ਪੀੜੀ ਇਸ ਨਸ਼ੇ ਦੀ ਦਲਦਲ ਤੋਂ ਬਾਹਰ ਨਿਕਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਨੂੰ ਤੁਰੰਤ ਪੰਜਾਬ ਤਬਦੀਲ ਕੀਤਾ ਜਾਵੇ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

# ਬੀਬੀ ਬਲਵਿੰਦਰ ਕੌਰ ਦੀ ਅਗਵਾਈ 'ਚ ਕੀਤੀ ਜਾ ਰਹੀ ਭੁੱਖ ਹੜਤਾਲ ਸਿੱਖ ਪੰਥ ਲਈ ਚਿੰਤਾ ਦਾ ਵਿਸ਼ਾ



**ਅੰਮ੍ਰਿਤਸਰ, 23 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅਤੇ ਡਿਬਰੂਗੜ੍ਹ ਜੇਲ੍ਹ 'ਚ ਐਨ ਐਸ ਏ ਤਹਿਤ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀ ਨਜ਼ਰਬੰਦਾਂ ਨੂੰ ਪੰਜਾਬ ਦੀ ਜੇਲ੍ਹ 'ਚ ਤਬਦੀਲ ਕਰਾਉਣ ਦੀ ਮੰਗ ਨੂੰ ਲੈ ਕੇ ਨਜ਼ਰਬੰਦ ਸਿੱਖ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਅਤੇ ਸਿੱਖ ਜਥੇਬੰਦੀਆਂ ਵੱਲੋਂ ਸ਼ੁਰੂ ਕੀਤੀ ਗਈ ਭੁੱਖ ਹੜਤਾਲ ਦੇ ਸਬੰਧ ਵਿੱਚ ਪੰਜਾਬ ਸਰਕਾਰ ਨੂੰ ਉਕਤ ਨੌਜਵਾਨਾਂ ਨੂੰ ਪੰਜਾਬ ਦੀ ਜੇਲ੍ਹ 'ਚ ਲਿਆਉਣ ਪ੍ਰਤੀ ਤੁਰੰਤ ਕਾਰਵਾਈ ਅਮਲ 'ਚ ਲਿਆਉਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਡਿਬਰੂਗੜ ਜੇਲ੍ਹ 'ਚ ਬੰਦ ਅਤੇ ਭੁੱਖ ਹੜਤਾਲ 'ਤੇ ਬੈਠੇ ਸਿੱਖ ਨੌਜਵਾਨਾਂ ਦੀ ਹਾਲਤ ਨਾਜ਼ੁਕ ਹੈ, ਪੰਜਾਬ ਸਰਕਾਰ ਦੀ ਜਿੰਮੇਵਾਰੀ ਬਣਦੀ ਹੈ ਕਿ ਉਨ੍ਹਾਂ ਵਿਚੋਂ ਕਿਸੇ ਵੀ ਨੌਜਵਾਨ ਦਾ ਕਿਸੇ ਤਰਾਂ ਦਾ ਵੀ ਨੁਕਸਾਨ ਨਾ ਹੋਵੇ। ਉਨ੍ਹਾਂ ਸਰਕਾਰ ਨੂੰ ਹਾਲਾਤ ਦੀ ਗੰਭੀਰਤਾ ਨੂੰ ਸਮਝਣ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਦਮਦਮੀ ਟਕਸਾਲ ਅਤੇ ਸਮੁੱਚੀ ਕੌਮ ਬੰਦੀ ਸਿੰਘਾਂ ਨਾਲ ਖੜ੍ਹੀ ਹੈ। ਉਨ੍ਹਾਂ ਸਮੂਹ ਸਿੱਖ ਸੰਗਤਾਂ ਨੂੰ ਬੀਬੀ ਬਲਵਿੰਦਰ ਕੌਰ ਦੀ ਅਗਵਾਈ 'ਚ ਨਜ਼ਰਬੰਦ ਸਿੰਘਾਂ ਦੇ ਪਰਿਵਾਰਾਂ ਵੱਲੋਂ ਚਲਾਈ ਜਾ ਰਹੀ ਭੁੱਖ ਹੜਤਾਲ ਤੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਇਸ ਨਾਲ ਉਹਨਾਂ ਦੀ ਸਿਹਤ ਤੇ ਬੁਰਾ ਅਸਰ ਪੈ ਸਕਦਾ ਹੈ। ਇਸ ਲਈ ਸਮੁੱਚੀ ਕੌਮ ਨੂੰ ਮਿਲ ਬੈਠ ਕੇ ਕੋਈ ਠੋਸ ਹੱਲ ਕੱਢਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਡਿੱਬਰੂਗੜ ਜੇਲ੍ਹ 'ਚ ਬੰਦੀ ਸਿੰਘਾਂ 'ਤੇ ਬਿਨਾ ਵਜਾ ਗੁਪਤ ਕੈਮਰਿਆਂ ਰਾਹੀਂ ਨਜ਼ਰ ਰੱਖਣ ਦੀ ਖ਼ਬਰ ਨਾਲ ਸਿੱਖ ਭਾਈਚਾਰੇ ਦੇ ਦਿਲਾਂ ਵਿਚ ਬਹੁਤ ਭਾਰੀ ਰੋਸ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਪੰਜਾਬ ਦੇ ਇਨ੍ਹਾਂ ਸਿੱਖ ਨੌਜਵਾਨਾਂ ਨੂੰ ਅਸਾਮ ਤੋਂ ਤੁਰੰਤ ਪੰਜਾਬ ਲਿਆਉਣ ਦਾ ਐਲਾਨ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਸੰਘਰਸ਼ਸ਼ੀਲ ਸਿੱਖਾਂ 'ਤੇ ਨਜਾਇਜ਼ ਹੀ ਐਨ ਐਸ ਏ ਲੱਗਦੇ ਰਹੇ ਹਨ ਪਰ ਉਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਹੀ ਰੱਖਿਆ ਜਾਂਦਾ ਰਿਹਾ ਪਰ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਹਜ਼ਾਰਾਂ ਮੀਲ ਦੂਰ ਆਸਾਮ ਦੀ ਜੇਲ੍ਹ ਵਿਚ ਉਨ੍ਹਾਂ ਦਾ ਮਨੋਬਲ ਡੇਗਣ ਲਈ ਸੁੱਟਿਆ ਗਿਆ ਹੈ ਪਰ ਇਸ ਤਰ੍ਹਾਂ ਕਰਕੇ ਵੀ ਸਿੱਖਾਂ ਨੂੰ ਦਬਾਇਆ ਨਹੀਂ ਜਾ ਸਕੇਗਾ।

### ਨੈਸ਼ਨਲ ਯੂਥ ਪਾਰਟੀ ਨੇ 13 ਚੋਂ 2 ਸੀਟਾਂ ਤੇ ਐਲਾਨੇ ਉਮੀਦਵਾਰ, ਬਾਕੀ ਸੂਚੀ ਜਲਦੀ : ਗਿੱਲ

# ਹੁਸ਼ਿਆਰਪੁਰ ਤੋਂ ਬਾਬਾ ਮਨੂੰ ਭੱਟੀ ਤੇ ਗੁਰਦਾਸਪੁਰ ਸੀਟ ਤੋਂ ਉਕਾਂਰ ਸਿੰਘ ਸੋਨੂੰ ਹੋਣਗੇ ਉਮੀਦਵਾਰ



ਚੌਕ ਮਹਿਤਾ 24 ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ ):- ਸੰਭਾਵਿਤ ਤੌਰ 'ਤੇ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ 'ਚ ਨੈਸ਼ਨਲ ਯੂਥ ਪਾਰਟੀ ਪੰਜਾਬ ਨੇ 13 ਸੀਟਾਂ ਤੇ ਇਕੱਲਿਆਂ ਚੋਣ ਲੜਨ ਦਾ ਫੈਸਲਾ ਕੀਤਾ ਹੈ। ਪਾਰਟੀ ਹਾਈਕਮਾਂਡ ਦੁਆਰਾ ਲਏ ਗਏ ਫੈਸਲ ਤੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਨੈਸ਼ਨਲ ਯੂਥ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਭਾਂਵੇ ਕਿ ਅਸੀਂ ਪੰਜਾਬ 'ਚ ਸੰਘਾਤਮਕ ਢਾਂਚੇ ਦੇ ਮੁੱਦਈ ਹਾਂ,ਪਰ ਕਿਸੇ ਵੀ ਸਿਆਸੀ ਧਿਰ ਦਾ ਪੈਂਤੜਾ ਸਪੱਸ਼ਟ ਨਾ ਹੋਣ ਕਰਕੇ ਸਾਨੂੰ ਇਕੱਲਿਆਂ ਚੋਣ ਲੜਨ ਦਾ ਫੈਸਲਾ ਕਰਨਾ ਪਿਆ ਹੈ। ਪਾਰਟੀ ਪ੍ਰਧਾਨ ਨੇ ਪੰਜਾਬ ਵਿੱਚਲੀਆਂ 13 ਸੀਟਾਂ ਤੇ ਇਕੱਲਿਆਂ ਚੋਣ ਲੜਨ ਦੀ ਪਹਿਲ ਕਦਮੀਂ ਕਰਦੇ ਹੋਏ ਗੁਰਦਾਸਪੁਰ ਤੇ ਹੁਸ਼ਿਆਰਪੁਰ ਤੋਂ ਆਪਣੀ ਪਾਰਟੀ ਦੇ ਦੋ ਉਮੀਦਵਾਰਾਂ ਦੇ ਨਾਵਾਂ ਦਾ ਰਸਮੀਂ ਐਲਾਨ ਕਰ ਦਿੱਤਾ ਹੈ। ਸ ਗਿੱਲ ਨੇ ਦੱਸਿਆ ਕਿ ਨੈਸ਼ਨਲ ਯੂਥ ਪਾਰਟੀ ਨੇ ਹੁਸ਼ਿਆਰਪੁਰ ਤੋਂ ਗੁਰਿੰਦਰ ਸਿੰਘ ਮਨੂੰ ਭੱਟੀ ਅਤੇ ਗੁਰਦਾਸਪੁਰ ਸੀਟ ਤੋਂ ਸ ਉਕਾਂਰ ਸਿੰਘ ਸੋਨੂੰ ਨੂੰ ਚੋਣ ਮੈਦਾਨ ਵਿੱਚ ਉਤਾਰ ਦਿੱਤਾ ਹੈ। ਉਨਾ ਨੇ ਕਿਹਾ ਕਿ ਬਾਕੀ ਹਲਕਿਆਂ ਤੋਂ ਪਾਰਟੀ ਕੋਲ ਚੋਣ ਲੜਨ ਵਾਲਿਆਂ ਦੀਆਂ ਅਰਜੀਆਂ ਪਹੁੰਚ ਚੁੱਕੀਆਂ ਹਨ ਜਿਸ ਤੇ ਜਲਦੀ ਵਿਚਾਰ ਵਿਟਾਂਦਰਾ ਕਰਕੇ ਬਾਕੀ ਦੀਆਂ ਸੀਟਾਂ ਤੇ ਚੋਣ ਲੜਨ ਵਾਲਿਆਂ ਦੀ ਸੂਚੀ ਜਨਤਕ ਕਰ ਦਿੱਤੀ ਜਾਵੇਗੀ। ਇੱਕ ਸਵਾਲ ਦੇ ਜਵਾਬ 'ਚ ਉਨ੍ਹਾ ਨੇ ਕਿਹਾ ਕਿ ਪਾਰਟੀ ਜਲਦ ਬਾਜੀ 'ਚ ਕੋਈ ਫੈਸਲਾ ਨਹੀਂ ਲੈਣਾ ਚਾਹੁੰਦੀ ਹੈ। ਉਨਾ ਨੇ ਸਪੱਸ਼ਟ ਕੀਤਾ ਹੈ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਅਤੇ ਅੰਮ੍ਰਿਤਸਰ ਤੋਂ ਕੱਦਵਾਰ ਲੀਡਰਾਂ ਦੇ ਨਾਮ ਵਿਚਾਰ ਅਧੀਨ ਹੈ। ਇਸ ਮੌਕੇ ਦਫਤਰ ਸਕੱਤਰ ਮੰਗਲ ਸਿੰਘ ਸਹੋਤਾ, ਲੋਕ ਸੰਪਰਕ ਅਫਸਰ ਅੰਮ੍ਰਿਤ ਪਾਲ ਸਿੰਘ, ਗੁਰਮੇਲ ਸਿੰਘ ਜੋਧਾ,ਗੁਰਮੀਤ ਸਿੰਘ ਜੋਧਾ ਤੋਂ ਇਲਾਵਾ ਪਾਰਟੀ ਵਲੋਂ ਐਲਾਨੇ ਉਮੀਦਵਾਰ ਸ੍ਰ ਉਕਾਂਰ ਸਿੰਘ ਸੋਨੂੰ ਅਤੇ ਬਾਬਾ ਗੁਰਿੰਦਰ ਸਿੰਘ ਭੱਟੀ ਹਾਜਰ ਸਨ।

### ਮੋਦੀ ਸਰਕਾਰ ਨੇ ਬਣਵਾਇਆ ਘਾਬਦਾਂ ਪੀ ਜੀ ਆਈ ਸੈਟਲਾਈਟ ਸੈਂਟਰ - ਦਿਓਲ

# ਜੇ ਨੀਂਹ ਪੱਥਰ ਰੱਖਣ ਨਾਲ ਗਲ ਬਣਦੀ ਹੁੰਦੀ ਤਾਂ ਬਣ ਜਾਣਾ ਸੀ ਘਾਬਦਾਂ ਅਤੇ ਮਸਤੂਆਣਾ ਸਾਹਿਬ ਮੈਂਡੀਕਲ ਕਾਲਜ - ਦਿਓਲ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-25 ਫਰਵਰੀ ਨੂੰ ਘਾਬਦਾਂ ਪੀਜੀਆਈ ਸੈਟੇਲਾਈਟ ਸੈਂਟਰ ਸੰਗਰੂਰ ਦਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਵਰਚੂਅਲ ਸਮਾਗਮ ਰਾਹੀਂ ਨੀਂਹ ਪੱਥਰ ਰੱਖਿਆ ਜਾਣਾ ਹੈ ਪਰ ਇਸ ਵਿਚ ਭਾਜਪਾ ਦੇ ਸੀਨੀਅਰ ਸੂਬਾਈ ਆਗੂ ਅਤੇ ਜ਼ਿਲਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ ਦੇ ਪੀ ਜੀ ਆਈ ਵਾਰੇ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕੀਤਾ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਦਾ ਇਸ ਸੰਗਰੂਰ ਨੂੰ ਵੱਡੇ ਹਸਪਤਾਲ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਰਣਦੀਪ ਦਿਓਲ ਨੇ ਕਿਹਾ ਕਿ ਵਿਜੈਇੰਦਰ ਸਿੰਗਲਾ ਨੇ ਵੋਟਾਂ ਤੋਂ ਠੀਕ ਪਹਿਲਾਂ 2013 ਵਿੱਚ ਰਾਹੁਲ ਗਾਂਧੀ ਨੂੰ ਬੁਲਾ ਕੇ ਘਾਬਦਾਂ ਪੀ ਜੀ ਆਈ ਸੈਂਟਰ ਦਾ ਸਿਰਫ ਨੀਂਹ ਪੱਥਰ ਰਖਵਾਇਆ ਸੀ ਪਰ ਜੇ ਨੀਂਹ ਪੱਥਰ ਰੱਖਣ ਨਾਲ ਹੀ ਪ੍ਰੋਜੇਟ ਪੂਰੇ ਹੋ ਜਾਂਦੇ ਤਾਂ 2022 ਚੋਣਾਂ ਤੋਂ ਪਹਿਲਾਂ, ਉਸ ਸਮੇਂ ਦੇ ਮੁੱਖ ਮੰਤਰੀ ਚੰਨੀ ਵਲੋਂ ਵੀ ਵਿਜੈਇੰਦਰ ਸਿੰਗਲਾ ਦੀ ਹਾਜ਼ਰੀ ਵਿਚ ਘਾਬਦਾਂ ਵਿਖੇ ਰੱਖੇ ਮੈਡੀਕਲ ਕਾਲੇਜ ਨੇ ਵੀ ਬਣ ਜਾਣਾ ਸੀ ਅਤੇ ਮਸਤੂਆਣਾ ਸਾਹਿਬ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਮੈਡੀਕਲ ਕਾਲੇਜ ਦੇ ਰੱਖੇ ਨੀਂਹ ਪੱਥਰ ਨਾਲ ਉਥੇ ਵੀ ਮੈਡੀਕਲ ਕਾਲੇਜ ਬਣ ਜਾਂਦਾ ਪਰ ਅਸਲ ਵਿਚ ਅਜਿਹਾ ਨਹੀਂ ਹੈ ਇਸ ਪੀ ਜੀ ਆਈ ਸੈਟੇਲਾਈਟ ਸੈਂਟਰ ਦਾ ਕੰਮ 2016 ਵਿਚ ਮੋਦੀ ਸਰਕਾਰ ਵਲੋਂ ਸ਼ੁਰੂ ਕੀਤਾ ਗਿਆ ਤੇ ਅੱਜ ਕਰੀਬ 400 ਕਰੋੜ ਰੁਪੈ ਦੀ ਲਾਗਤ ਨਾਲ 300 ਬਿਸਤਰਿਆਂ ਦਾ ਅਤਿ ਆਧੁਨਿਕ ਆਪਰੇਸ਼ਨ ਥਿਏਟਟਾਂ, ਲੈਬਾਂ, ਸੂਪਰ ਸਪੈਸ਼ਿਲਸਟ ਡਾਕਟਰਾਂ ਵਾਲਾ ਹਸਪਤਾਲ ਸੰਗਰੂਰ ਜ਼ਿਲੇ ਦੇ ਲੋਕਾਂ ਨੂੰ ਅਤੇ ਆਲੇ ਦੁਆਲੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਤਿਆਰ ਹੈ, ਉਹਨਾਂ ਦਸਿਆ ਕਿ ਇਸ ਪੀ ਜੀ ਆਈ ਸੈਂਟਰ ਤੋਂ ਇਲਾਵਾ ਕੱਲ ਪ੍ਰਧਾਨ ਮੰਤਰੀ ਮੋਦੀ ਬਠਿੰਡਾ ਏਮਸ ਅਤੇ ਫਿਰੋਜਪੁਰ ਵਿਖੇ ਨਵੇਂ ਪੀ ਜੀ ਆਈ ਦਾ ਤੋਹਫਾ ਵੀ ਪੰਜਾਬ ਦੇ ਲੋਕਾਂ ਨੂੰ ਦੇਣਗੇ ਜਿਸ ਨਾਲ ਪੰਜਾਬ ਦੇ ਲੋਕਾਂ ਨੂੰ ਦੂਰ ਦੁਰਾਡੇ ਜਾ ਕੇ ਇਲਾਜ ਕਰਵਾਉਣ ਦੀ ਲੋੜ ਨਹੀਂ ਪਵੇਗੀ। ਇਸ ਮੌਕੇ ਉਹਨਾਂ ਨਾਲ ਜ਼ਿਲ੍ਹਾ ਜਨਰਲ ਸਕੱਤਰ ਸਚਿਨ ਸ਼ਰਮਾਂ, ਜਗਦੀਪ ਤੂਰ, ਮੀਤ ਪ੍ਰਧਾਨ ਭੁਪੇਸ਼ ਜਿੰਦਲ, ਸੁਰਿੰਦਰ ਸ਼ਰਮਾਂ ਵੀ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਨੂੰ ਦਿੱਤੇ ਮੰਗ ਪੱਤਰ




ਫ਼ਿਰੋਜ਼ਪੁਰ, 24ਫਰਵਰੀ (ਮਨੋਹਰ ਲਾਲ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫਿਰੋਜ਼ਪੁਰ ਦੀ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਹੀ ਤਿੰਨ ਮੰਗ ਪੱਤਰ ਦਿੱਤੇ ਗਏ। ਇੱਕ ਮੰਗ ਪੱਤਰ ਭਾਈ ਅਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਤੇ ਝੂਠਾ ਕੇਸ ਪਾ ਕੇ ਐੱਨਐੱਸ ਏ ਲਗਾ ਕੇ ਜਬਰਦਸਤੀ ਡਿਬਰੂਗੜ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ ਅਤੇ ਜੇਲ੍ਹ ਵਿਚ ਉਨ੍ਹਾਂ ਤੇ ਗੁਪਤ ਕੈਮਰੇ ਲਾ ਕੇ ਕਿਰਦਾਰਖੁਸੀ ਕੀਤੀ ਜਾ ਰਹੀ ਹੈ। ਉਨ੍ਹਾਂ ਦੇ ਖਾਣੇ ਵਿੱਚ ਗਲਤ ਚੀਜਾਂ ਮਿਲਾ ਕੇ ਉਨ੍ਹਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾਂਦਾ ਹੈ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋ ਮੋਦੀ ਸਰਕਾਰ ਨੂੰ ਉਨ੍ਹਾਂ ਦੇ ਕੇਸ ਖਤਮ ਕਰਕੇ ਰਿਹਾ ਕਰਨ ਦੀ ਮੰਗ ਕਰਦੀ ਹੈ ਜਿੰਨਾ ਚਿਰ ਰਿਹਾਅ ਨਹੀਂ ਕਰਦੇ ਉਨ੍ਹਾਂ ਚਿਰ ਉਨ੍ਹਾਂ ਨੂੰ ਪੰਜਾਬ ਦੀਆਂ ਜੇਲਾਂ ਵਿਚ ਤਬਦੀਲ ਕਰਨ ਦੀ ਮੰਗ ਕਰਦੀ ਹੈ। ਦੂਜੇ ਮੰਗ ਪੱਤਰ ਬੀਜੇਪੀ ਅਤੇ ਖੱਟੜ ਸਰਕਾਰ ਵੱਲ ਕਿਸਾਨਾਂ ਤੇ ਗੋਲੀਆਂ ਚਲਾ ਕੇ ਨੌਜਵਾਨਾਂ ਨੂੰ ਸ਼ਹੀਦ ਕਰਨ ਅਤੇ ਕਿਸਾਨਾਂ ਤੇ ਲਾਠੀਚਾਰਜ ਕਰਕੇ ਉਨ੍ਹਾਂ ਨੂੰ ਫੱਟੜ ਕਰਨਾ ਅਤੇ ਟਰੈਕਟਰਾਂ, ਕਾਰਾਂ ਅਤੇ ਪ੍ਰੈਸ ਦੀਆਂ ਗੱਡੀਆਂ ਦੀ ਤੋੜਭੰਨ ਕਰਨ ਦੀ ਨਿਖੇਧੀ ਕਰਦੀ ਹੈ। ਇਸ ਮੰਗ ਪੱਤਰ ਰਾਹੀ ਮੰਗ ਕਰਦੀ ਹੈ ਕਿ ਕਿਸਾਨਾਂ ਦੀਆਂ ਤੁਰੰਤ ਮੰਗਾਂ ਮੰਨੀਆਂ ਜਾਣਾ, ਟਰੈਕਟਰਾਂ ਆਦਿ ਦੀ ਟੁੱਟ ਭੱਜ ਦਾ ਮੁਆਵਜਾ ਦਿੱਤਾ ਜਾਵੇ। ਸ਼ਹੀਦ ਕਿਸਾਨਾਂ ਦੇ ਕਾਤਲਾਂ ਤੇ ਪਰਚਾ ਦਰਜ ਕੀਤਾ ਜਾਵੇ ਅਤੇ ਉਨ੍ਹਾਂ ਦੇ ਪ੍ਰੀਵਾਰਾਂ ਨੂੰ ਸਹਾਇਤਾ ਦਿੱਤੀ ਜਾਵੇ। ਤੀਜੇ ਮੰਗ ਪੱਤਰ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੋਟਾਂ ਸਰਕਾਰ ਵੱਲੋ ਪੂਰੀ ਤਨਦੇਹੀ ਲਾ ਕੇ ਨਾ ਬਨਾਉਣਾ ਅਤੇ ਕਿਸਾਨਾਂ ਵੱਲੋ ਹਰਿਆਣਾ ਬਾਰਡਰਾਂ ਤੇ ਧਰਨੇ ਲਾਏ ਹੋਣ ਕਾਰਨ ਵੋਟਾ ਘੱਟ ਬਣੀਆਂ ਹਨ। ਇਸ ਮੰਗ ਪੱਤਰ ਰਾਹੀ ਚੋਣ ਕਮਿਸ਼ਨਰ ਤੋਂ ਮੰਗ ਕੀਤੀ ਜਾਂਦੀ ਹੈ ਕਿ ਵੋਟਾਂ ਦੀ ਤਾਰੀਕ ਦੋ ਮਹੀਨੇ ਹੋਰ ਵਧਾਈ ਜਾਵੇ। ਇਸ ਸਮੇਂ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਤੇਜਿੰਦਰ ਸਿੰਘ ਦਿਉਲ ਯੂਥ ਪਰਧਾਨ, ਜਤਿੰਦਰ ਸਿੰਘ ਥਿੰਦ ਪੀਏਸੀ ਮੈਂਬਰ, ਜਗਜੀਤ ਸਿੰਘ ਸ਼ੁਸ਼ਕ ਦਫਤਰ ਸਕੱਤਰ ਜ਼ਿਲ੍ਹਾ ਫਿਰੋਜ਼ਪੁਰ, ਗਿਆਨ ਸਿੰਘ ਮੰਡ, ਪਰਗਟ ਸਿੰਘ ਵਾਹਕੇ, ਬੋਹੜ ਸਿੰਘ ਥਿੰਦ, ਸੁੱਚਾ ਸਿੰਘ ਮੁਹਾਲਮ, ਸੁੱਚਾ ਸਿੰਘ ਬਸਤੀ ਭਾਨੇ ਵਾਲਾ, ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ, ਬਾਬਾ ਮਲਕੀਤ ਸਿੰਘ, ਕਿਸ਼ੋਰ ਸਿੰਘ, ਦਰਸ਼ਨ ਸਿੰਘ ਅਤੇ ਸੁਖਵੰਤ ਸਿੰਘ ਸਤੀਏ ਵਾਲਾ, ਸਰਵਨ ਸਿੰਘ, ਬਲਵਿੰਦਰ ਸਿੰਘ, ਵੀਰ ਸਿੰਘ, ਮਹਿਤਾਬ ਸਿੰਘ, ਸਤਨਾਮ ਸਿੰਘ, ਰਾਜਬੀਰ ਸਿੰਘ ਸਾਰੇ ਮੁਹਾਲਮ, ਭਾਗ ਸਿੰਘ ਫੱਤੇ ਵਾਲਾ ਆਦਿ ਨੇ ਵੀ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਨੂੰ ਰਿਹਾਅ ਕਰਨ ਅਤੇ ਕਿਸਾਨਾਂ ਤੇ ਜਬਰ ਜੁਲਮ ਬੰਦ ਕੀਤਾ ਜਾਵੇ।

# ਉਘੇ ਸਮਾਜ ਸੇਵਕ ਓਮ ਪ੍ਰਕਾਸ਼ ਕਟਾਰੀਆ ਦੀ ਧਰਮਪਤਨੀ ਕਵਿਤਾ ਕਟਾਰੀਆ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਅੱਜ 25 ਫਰਵਰੀ ਨੂੰ



ਫ਼ਿਰੋਜ਼ਪੁਰ, 24ਫਰਵਰੀ (ਮਨੋਹਰ ਲਾਲ) : ਸਮਾਜ ਸੇਵਾ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਉਘੇ ਸਮਾਜ ਸੇਵਕ ਉਮ ਪ੍ਰਕਾਸ਼ ਕਟਾਰੀਆ ਜੀ ਦੀ ਧਰਮਪਤਨੀ ਕਵਿਤਾ ਕਟਾਰੀਆ ਉਰਫ ਆਗਿਆ ਰਾਣੀ ਜੋ ਕਿ 22 ਫਰਵਰੀ ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾ ਪਵਚ ਜਾ ਬਿਰਾਜੇ ਹਨ। ਕਵਿਤਾ ਕਟਾਰੀਆ ਜੋ ਕਿ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਟੀਚਰ ਵਜੋ ਸ਼ੁਰੂ ਕੀਤੀ ਅਤੇ ਆਪਣੀ ਸ਼ਾਨਦਾਰ ਸੇਵਾਵਾ ਨਿਭਾਉਂਦੇ ਹੋਏ ਰਿਟਾਇਰਡ ਹੋਏ। ਉਨ੍ਹਾਂ ਦਾ ਜਨਮ 2 ਅਕਤੂਬਰ 1957 ਨੂੰ ਹੋਇਆ। ਆਪਣੀ ਜ਼ਿੰਦਗੀ ਦੀਆਂ 67 ਕੁ ਬਹਾਰਾ ਵੇਖ ਕੇ ਸਦਾ ਸਦਾ ਲਈ ਗੁਰੂ ਚਰਨਾ ਵਿਚ ਜਾ ਬਿਰਾਜੇ। ਮਾਤਾ ਕਵਿਤਾ ਕਟਾਰੀਆ ਜੋ ਕਿ ਬਹੁਤ ਹੀ ਮਿਲਣ ਸੁਭਾਅ ਦੇ ਸਨ ਅਤੇ ਧਾਰਮਿਕ ਖਿਆਲਾਂ ਦੇ ਸਨ ਉਹ ਹਮੇਸ਼ਾ ਪ੍ਰਮਾਤਮਾ ਦਾ ਜਾਪ ਹੀ ਕਰਦੇ ਸੀ। ਇਸ ਤੋਂ ਇਲਾਵਾ ਉਹ ਆਪਣੀ ਨੇਕ ਕਮਾਈ ਵਿਚੋਂ ਹਮੇਸ਼ਾ ਗਰੀਬ ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਰਾਸ਼ਨ ਦਿੰਦੇ ਸੀ। ਇਸ ਤੋਂ ਇਲਾਵਾ ਹਰ ਜ਼ਰੂਰਤਮੰਦ ਦੀ ਮੱਦਦ ਲਈ ਹਮੇਸ਼ਾ ਉਮ ਪ੍ਰਕਾਸ਼ ਕਟਾਰੀਆ ਅਤੇ ਉਨ੍ਹਾਂ ਦੀ ਧਰਮਪਤਨੀ ਹਮੇਸ਼ਾ ਲੋੜਵੰਦਾਂ ਦੀ ਮੱਦਦ ਲਈ ਹਮੇਸ਼ਾ ਮੁਹਰਲੀ ਕਤਾਰ ਵਿਚ ਰਹਿੰਦੇ ਸੀ। ਮਾਤਾ ਕਵਿਤਾ ਕਟਾਰੀਆ ਉਰਫ ਆਗਿਆ ਰਾਣੀ ਦੇ ਚਲੇ ਜਾਣ ਨਾਲ ਬਹੁਤ ਵੱਡਾ ਘਾਟਾ ਪਿਆ ਹੈ ਜੋ ਕਿ ਕਦੇ ਵੀ ਪੂਰਾ ਨਹੀਂ ਹੋ ਸਕਦਾ ਹੈ ਅਸੀਂ ਵਹਿਗੁਰੂ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਪ੍ਰਮਾਤਮਾ ਮਾਤਾ ਕਵਿਤਾ ਕਟਾਰੀਆ ਉਰਫ ਆਗਿਆ ਰਾਣੀ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ, ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਮਾਤਾ ਕਵਿਤਾ ਕਟਾਰੀਆ ਉਰਫ ਆਗਿਆ ਕਟਾਰੀਆ ਜੀ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 25 ਫਰਵਰੀ ਦਿਨ ਐਤਵਾਰ ਨੂੰ ਦੁਪਹਿਰ ਇਕ ਵਜੇ ਤੋਂ ਦੋ ਵਜੇ ਤੱਕ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਧਵਨ ਕਾਲੋਨੀ ਫਿਰੋਜ਼ਪੁਰ ਸ਼ਹਿਰ ਵਿਖੇ ਪਾਇਆ ਜਾਵੇਗਾ।

# ਕਿਸਾਨਾਂ ਦੀ ਚੜ੍ਹਦੀ ਕਲ੍ਹਾ ਲਈ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਸਹਿਜ ਪਾਠ ਆਰੰਭ ਤੇ ਦੁਖ ਨਿਵਾਰਨ ਕੈਂਪ ਲਗਾਏ ਜਾ ਰਹੇ ਹਨ



ਜੰਡਿਆਲਾ ਗੁਰੂ 24 ਫਰਵਰੀ ( ਕੁਲਵੰਤ ਸਿੰਘ ਵਿਰਦੀ) ਦੇਸ਼ ਦੇ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਸਬੰਧੀ ਸ਼ਾਂਤਮਈ ਢੰਗ ਨਾਲ ਦਿੱਲੀ ਵਿਖੇ ਪਹੁੰਚ ਕੇ ਭਾਰਤ ਦੇਸ਼ ਦੀ ਹਕੂਮਤ ਕੋਲੋਂ ਮੰਗਾਂ ਨੂੰ ਮੰਨਵਾਉਣ ਲਈ ਸੰਘਰਸ਼ ਕੀਤਾ ਜਾ ਰਿਹਾ ਹੈ ਅਤੇ ਦਿੱਲੀ ਜਾਣ ਵਾਲੇ ਬਾਡਰਾਂ ਤੇ ਹਰਿਆਣਾ ਸਰਕਾਰ ਵੱਲੋਂ ਕੀਤੀ ਗਈ ਕਿਲੇਬੰਦੀ ਨਾਲ ਜਿਥੇ ਦੇਸ਼ ਦਾ ਨੁਕਸਾਨ ਹੋ ਰਿਹਾ ਹੈ ਉੱਥੇ ਦੂਜੇ ਪਾਸੇ ਦੇਸ਼ ਦੀ ਭਾਈਚਾਰਕ ਸਾਂਝ ਨੂੰ ਵੀ ਨੁਕਸਾਨ ਹੋ ਰਿਹਾ ਹੈ ਅਤੇ ਹਰਿਆਣਾ ਸਰਕਾਰ ਦੇ ਹੁਕਮਾਂ ਤੇ ਕਿਸਾਨਾਂ ਉਪਰ ਸੈਂਕੜਿਆਂ ਦੇ ਹਿਸਾਬ ਨਾਲ ਅੱਥਰੂ ਗੈਸ ਦੇ ਗੋਲੇ ਦਾਗੇ ਗਏ ਹਨ ਅਤੇ ਇਨ੍ਹਾਂ ਅੱਥਰੂ ਗੈਸ ਦੇ ਗੋਲਿਆਂ ਦੇ ਨਾਲ ਸੰਘਰਸ ਕਰ ਰਹੇ ਸੈਂਕੜਿਆਂ ਦੇ ਹਿਸਾਬ ਨਾਲ ਕਿਸਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ ਅਤੇ ਬੀਤੇ ਦਿਨ ਛੋਟੀ ਉਮਰ ਵਿੱਚ ਸੰਘਰਸ਼ ਕਰਦੇ ਇਕ ਨੌਜਵਾਨ ਸੁੱਭਕਰਨ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ ਹੈ ਜਿਸ ਸਬੰਧੀ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸਹਿਜ ਪਾਠ ਆਰੰਭ ਕੀਤੇ ਗਏ ਅਤੇ ਕਿਸਾਨਾਂ ਵੱਲੋਂ ਚਲਾਏ ਜਾ ਰਹੇ ਸੰਘਰਸ਼ ਦੀ ਚੜ੍ਹਦੀ ਕਲ੍ਹਾ ਲਈ ਸਹਿਜ ਪਾਠ ਤੇ ਦੂਖਨਿਵਾਰਨ ਕੈਂਪ ਵੀ ਲਗਾਏ ਜਾ ਰਹੇ ਹਨ।

ਬਾਰਡਰਾਂ ਤੇ ਸੰਘਰਸ਼ ਕਰਦੇ ਕਿਸਾਨ ਭਰਾਵਾਂ ਲਈ

# ਆਖ਼ਰੀ ਦਮ ਤੱਕ ਲੜਦੇ ਰਹਾਂਗੇ : ਸ਼ੁਭਮ ਸ਼ਰਮਾ

**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ 13 ਫਰਵਰੀ ਨੂੰ ਦਿੱਲੀ ਜਾਣ ਦਾ ਪ੍ਰੋਗਰਾਮ ਦਿੱਤਾ ਗਿਆ ਸੀ । ਜਿਸ ਨੂੰ ਲੈ ਕੇ ਹਰਿਆਣਾ ਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਬਾਰਡਰਾਂ ਤੇ ਭਾਰੀ ਫੋਰਸ ਲਾ ਕੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਬਾਰਡਰਾਂ ਤੇ ਰੋਕਿਆ ਗਿਆ ਹੈ। ਜਿਸ ਵਿੱਚ 300 ਤੋਂ ਵੱਧ ਕਿਸਾਨਾਂ ਨੂੰ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ ਤੇ ਹਰਿਆਣਾ ਦੀ ਖੱਟਰ ਸਰਕਾਰ ਜਖਮੀ ਕੀਤਾ ਅਤੇ ਤਿੰਨ ਕਿਸਾਨ ਸਹੀਦ ਹੋ ਚੁੱਕੇ ਹਨ। ਪਰ ਸਰਕਾਰ ਦੇ ਕੰਨਾਂ ਤੇ ਜੂੰ ਵੀ ਨਹੀਂ ਸਰਕ ਰਹੀ। ਇਸ ਔਖੀ ਘੜੀ ਵਿੱਚ ਪੰਜਾਬ ਯੂਥ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਉਘੇ ਸਮਾਜ ਸੇਵੀ ਸ਼ੁਭਮ ਸ਼ਰਮਾ (ਸ਼ੁਭੀ) ਧੂਰੀ ਵੱਲੋਂ ਖਨੌਰੀ ਬਾਰਡਰ ਤੇ ਪੁੱਜ ਕੇ ਆਪਣੇ ਕਿਸਾਨ ਭਰਾਵਾਂ ਦੇ ਲਈ ਫਰੂਟਾਂ ਦਾ ਲੰਗਰ ਲਗਾ ਕੇ ਇੱਕ ਛੋਟਾ ਜਾ ਉਪਰਾਲਾ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ੁਭਮ ਸ਼ਰਮਾ (ਸ਼ੁਭੀ) ਧੂਰੀ ਨੇ ਕਿਹਾ ਕਿ ਇਹ ਲੰਗਰ ਸੁਵਿਧਾ ਆਉਣ ਵਾਲੇ ਸਮੇਂ ਵਿੱਚ ਵੀ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਕਿਰਪਾ ਸਦਕਾ ਇਹ ਸੇਵਾਵਾਂ ਇਸੇ ਤਰਾਂ ਹੀ ਚੱਲਦੀਆਂ ਰਹਿਣਗੀਆਂ ਅਸੀਂ ਆਪਣੇ ਕਿਸਾਨਾਂ ਲਈ ਆਖ਼ਰੀ ਦਮ ਤੱਕ ਲੜਾਂਗੇ, ਨਾ ਡਰਾਂਗੇ,ਨਾ ਝੁਕਾਂਗੇ ਸ਼ਾਂਤੀ ਮਈ ਢੰਗ ਨਾਲ ਇਹ ਲੜਾਈ ਜਾਰੀ ਰਹੇਗੀ।



ਇਸਤਰੀ ਅਕਾਲੀ ਦਲ ਵੱਲੋਂ ਤਲਵੰਡੀ ਸਾਬੋ ਦੇ ਵੱਖ-ਵੱਖ ਵਾਰਡਾਂ ਅਤੇ ਪਿੰਡ ਗਾਟਵਾਲੀ ਵਿਖੇ

# ਮੀਟਿੰਗਾਂ ਕਰਕੇ ਕਮੇਟੀਆਂ ਬਣਾਈਆਂ ਗਈਆਂ



ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਔਰਤਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਨਵੀਆਂ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਤਲਵੰਡੀ ਸਾਬੋ ਦੇ ਵਾਰਡ ਨੰਬਰ 7,10,11 ਵਿੱਚ ਬੀਬੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਅਤੇ ਇਕਾਈਆਂ ਬਣਾਈਆਂ ਗਈਆਂ। ਇਸੇ ਮੌਕੇ ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਤੇ ਗੁਰਜੰਟ ਕੌਰ, ਮਨਜੀਤ ਕੌਰ ਅਤੇ ਅੰਮ੍ਰਿਤਪਾਲ ਕੌਰ ਨੂੰ ਪ੍ਰਧਾਨ ਬਣਾਇਆ ਗਿਆ। ਜਦੋਂ ਕਿ ਚਰਨਜੀਤ ਕੌਰ, ਜਸਵਿੰਦਰ ਕੌਰ, ਰਾਣੀ ਕੌਰ, ਹਰਜੀਤ ਕੌਰ, ਕੁਲਵਿੰਦਰ ਕੌਰ, ਗੁਰਦਿਆਲ ਕੌਰ, ਰਮਾਦੇਵੀ, ਮਹਿੰਦਰ ਕੌਰ, ਸੋਰੋਂ ਕੌਰ, ਰਾਜ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ, ਜਸਵਿੰਦਰ ਕੌਰ, ਗੁਰਮੀਤ ਕੌਰ, ਨਸੀਬ ਕੌਰ, ਰਾਣੀ ਕੌਰ, ਰਣਜੀਤ ਕੌਰ ਅਤੇ ਕਰਮਜੀਤ ਕੌਰ ਨੂੰ ਮੈਂਬਰ ਬਣਾਇਆ ਗਿਆ। ਬਾਅਦ ਵਿੱਚ ਪਿੰਡ ਗਾਟਵਾਲੀ ਵਿਖੇ ਮੀਟਿੰਗਾਂ ਕਰਕੇ ਇਕਾਈਆਂ ਬਣਾਈਆਂ ਗਈਆਂ ਅਤੇ ਇੰਦਰੋ, ਮਨਦੀਪ ਕੌਰ ਤੇ ਮਨਜੀਤ ਕੌਰ ਨੂੰ ਪ੍ਰਧਾਨ ਬਣਾਇਆ ਗਿਆ। ਜਦਕਿ ਹਰਵਿੰਦਰ ਕੌਰ, ਸੁਖਦੇਵ ਕੌਰ, ਜਸਮੇਲ ਕੌਰ, ਪ੍ਰਨੀਤ ਕੌਰ, ਰਮਨਦੀਪ ਕੌਰ, ਜਸਵਿੰਦਰ ਕੌਰ, ਜਸਪ੍ਰੀਤ ਕੌਰ ਅਤੇ ਲਵਪ੍ਰੀਤ ਕੌਰ ਨੂੰ ਮੈਂਬਰ ਬਣਾਇਆ ਗਿਆ। ਵੱਖ-ਵੱਖ ਥਾਵਾਂ 'ਤੇ ਬੋਲਦਿਆਂ ਹਰਗੋਬਿੰਦ ਕੌਰ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਲੋਕਾਂ ਦੀ ਭਲਾਈ ਲਈ ਚਲਾਈਆਂ ਗਈਆਂ ਸਕੀਮਾਂ ਦਾ ਜਿਕਰ ਕੀਤਾ ਅਤੇ ਔਰਤਾਂ ਨੂੰ ਦੱਸਿਆ ਕਿ ਕਿ ਸ਼੍ਰੋਮਣੀ ਅਕਾਲੀ ਦਲ ਹੀ ਇਕੋ ਇਕ ਖੇਤਰੀ ਪਾਰਟੀ ਹੈ ਜੋ ਹਰ ਵਰਗ ਦੇ ਲੋਕਾਂ ਨੂੰ ਲਾਭ ਦਿੰਦੀ ਹੈ। ਇਹਨਾਂ ਮੀਟਿੰਗਾਂ ਵਿੱਚ ਹਰਗੋਬਿੰਦ ਕੌਰ ਨੇ ਔਰਤਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਆਉਣ ਵਾਲੀਆਂ ਲੋਕ ਸਭਾ ਦੀਆਂ ਚੋਣਾਂ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਦੀ ਮੱਦਦ ਕੀਤੀ ਜਾਵੇ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣ ਸਕੇ।

# "ਡਾ. ਸੁੱਖਪ੍ਰੀਤ ਸਿੰਘ ਉੱਦੋਕੇ ਜੀ ਨਾਲ ਪੰਥਕ ਵਿਚਾਰਾਂ"

ਡਾ. ਸੁੱਖਪ੍ਰੀਤ ਸਿੰਘ ਉੱਦੋਕੇ ਜੀ ਨਾਲ ਕੱਲ ਮਿਤੀ 23/02/2024 ਨੂੰ ਸ਼੍ਰੀ ਦਰਬਾਰ ਸਾਹਿਬ ਵਿਖੇ ਮੁਲਾਕਾਤ ਹੋਈ। ਜਿੱਥੇ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਅਤੇ ਹੋਰ ਸਿੱਖ ਯੋਧਿਆਂ ਦੇ ਪਰਿਵਾਰਕ ਮੈਂਬਰਾਂ ਨੇ ਭੁੱਖ ਹੜਤਾਲ ਕੀਤੀ ਹੋਈ ਹੈ। ਉੱਥੇ ਡਾ. ਸਾਹਿਬ ਨਾਲ ਕਾਫੀ ਪੰਥਕ ਵਿਚਾਰਾਂ ਹੋਈਆਂ।

ਡਾ. ਸਾਹਿਬ ਨੇ ਅੱਜ ਦੇ ਸਿੰਘਾ ਦੇ ਹਲਾਤਾਂ ਨੂੰ ਲੈ ਕੇ ਬਹੁਤ ਚਿੰਤਾਂ ਜ਼ਾਹਿਰ ਕੀਤੀ ਅਤੇ ਜੇਲ੍ਹਾਂ ਵਿੱਚ ਹੋ ਰਹੇ ਸਿੰਘਾਂ ਉੱਤੇ ਤਸ਼ਦੱਦ ਨੂੰ ਸਾਫ ਸ਼ਬਦਾਂ ਵਿੱਚ ਨਿੰਦਿਆ। ਸਿੰਘਾਂ ਦੇ ਬਾਥਰੂਮਾਂ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਲਗਾਏ ਕੈਮਰਿਆਂ ਨੂੰ ਅਤੇ ਸਾਡੇ ਸਿੱਖ ਸੂਰਮਿਆਂ ਨੂੰ ਨਗਨ ਅਵਸਥਾ ਵਿੱਚ ਕੈਮਰਿਆਂ ਰਾਹੀਂ ਦੇਖਣ ਦੀ ਸਰਕਾਰ ਅਤੇ ਪ੍ਰਸ਼ਾਸਨ ਦੀ ਇਸ ਨੀਚ ਕੋਸ਼ਸ਼ ਨੂੰ ਸਾਫ-ਸਿੱਧਾ ਮਾਨਵ ਅਧਿਕਾਰਾਂ ਦੀ ਉਲੰਘਣਾ ਦੱਸਿਆ। ਡਾ. ਸਾਹਿਬ ਨੇ ਆਪਣੇ ਭਾਸ਼ਣ ਵਿੱਚ ਸਾਰੀ ਸੰਗਤ ਨੂੰ ਜਾਪਤੇ ਵਿੱਚ ਰਹਿ ਕੇ ਸ਼ਾਂਤਮਈ ਪ੍ਰਦਸ਼ਣ ਕਰਣ ਲਈ ਕਿਹਾ ਅਤੇ ਸਰਕਾਰ ਨੂੰ ਵੀ ਹਦਾਇਤ ਕੀਤੀ ਕਿ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਨਾਲ ਜਲਦ ਤੋਂ ਜਲਦ ਮਿਲ ਬੈਠ ਕੇ ਇਸ ਮਸਲੇ ਦਾ ਹੱਲ ਕੀਤਾ ਜਾਵੇ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਵੀ ਕੀਤੀ ਕਿ ਜ਼ਿਆਦਾ ਤੋਂ ਜ਼ਿਆਦਾ ਸੰਗਤ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਮਾਤਾ ਜੀ ਵੱਲੋਂ ਕੀਤੀ ਇਸ ਭੁੱਖ ਹੜਤਾਲ ਵਿੱਚ ਉਨ੍ਹਾਂ ਨੂੰ ਸਹਿਯੋਗ ਦੇਣ ਲਈ ਸ਼ਾਮਲ ਹੋਣ। ਡਾ. ਸਾਹਿਬ ਸਿੱਖ ਕੌਮ ਦੇ ਇੱਕ ਉੱਘੇ ਖੋਜਕਾਰ ਹਨ। ਉੱਨਾਂ ਦੱਸਿਆ ਕਿ ਕਿਸ ਤਰਾਂ ਸਾਡੀ ਅਗਲੀ ਪੀੜ੍ਹੀ ਆਪਣੇ ਗੌਰਵਮਈ ਇਤਿਹਾਸ ਨਾਲੋਂ ਟੁੱਟ ਰਹੀ ਹੈ। ਕਿਸ ਤਰਾਂ ਨਾਲ ਕਿਤਾਬਾਂ ਵਿੱਚ ਅੱਧੇ ਅਧੂਰੇ ਬਿਰਤਾਂਤ ਛਾਪ ਕੇ ਅਗਲੀ ਪੀੜ੍ਹੀ ਨੂੰ ਪੜਾਇਆ ਜਾ ਰਿਹਾ ਹੈ। ਇੱਕ ਸਿੱਖ ਇਤਿਹਾਸ ਦੇ ਖੋਜਕਾਰ ਹੋਣ ਦੇ ਨਾਤੇ ਉਨ੍ਹਾਂ ਦੀ ਇਹ ਚਿੰਤਾ ਜਾਇਜ਼ ਹੈ। ਕਿਉਂਕੀ ਅਗਲੇਰੀ ਪੀੜ੍ਹੀ ਨੂੰ ਆਪਣੇ ਗੌਰਵਮਈ ਇਤਿਹਾਸ ਨਾਲ ਜੋੜਣ ਲਈ ਕਿਤਾਬਾਂ ਹੀ ਮੂਲ ਜ਼ਿਰਆ ਹੁੰਦੀਆਂ ਹਨ। ਉਨ੍ਹਾਂ ਚਿੰਤਾ ਜਾਹਿਰ ਕੀਤੀ ਕੀ ਅੱਜ ਕੱਲ ਦੇ ਲੇਖਕ ਡੂੰਘਾਈ ਨਾਲ ਨਾ ਲਿਖਕੇ ਕੁਝ ਤੱਥਾਂ ਦੇ ਅਧਾਰ ਤੇ ਹੀ ਸਿਰਫ ਕਲਮਬੱਧ ਕਰਣ ਦੀ ਕੋਸ਼ਸ਼ ਕਰਦੇ ਹਨ ਜੋ ਕਿ ਸਾਡੇ ਸਿੱਖ ਕੌਮ ਦੇ ਇਤਿਹਾਸ ਲਈ ਬਹੁਤ ਨੁਕਸਾਨਦਾਇਕ ਸਿੱਧ ਹੋ ਰਿਹਾ ਹੈ।



**-ਰਸ਼ਿਪੰਦਰ ਕੌਰ ਗਿੱਲ**
**ਐਕਟਰ, ਲੇਖਕ, ਐਂਕਰ, ਸੰਪਾਦਕ, ਸੰਸਥਾਪਕ,**
**ਪ੍ਰਧਾਨ- ਪੀਂਘਾਂ ਸੋਚ ਦੀਆਂ ਸਾਹਿਤ ਮੰਚ,**
**ਪਬਲੀਕੇਸ਼ਨ, ਮੈਗਜ਼ੀਨ** +91-9888697078

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜੇ.ਸੀ.ਬੀ. ਹਾਈਡਰਾ ਦੀ ਟੱਕਰ ਨਾਲ ਰਿਕਸ਼ਾ ਸਵਾਰ ਔਰਤ ਦੀ ਮੌਤ



**ਚੌਕ ਮਹਿਤਾ,24ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਸਬੇ ਦੀ ਘੁਮਾਣ ਰੋਡ ਉਪੱਰ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਰਿਕਸ਼ਾ ਸਵਾਰ ਔਰਤ ਦੀ ਜੇ.ਸੀ.ਬੀ. ਹਾਈਡਰਾ ਦੀ ਟੱਕਰ ਲੱਗਣ ਨਾਲ ਮੌਤ ਹੋ ਗਈ,ਜਦਕਿ ਰਿਕਸ਼ਾਂ ਚਾਲਕ ਦੀ ਹਾਲਤ ਗੰਭੀਰ ਬਣੀ ਹੋਈ ਹੈ।ਜਾਣਕਾਰੀ ਅਨੁਸਾਰ 55 ਸਾਲਾਂ ਔਰਤ ਰਿਕਸ਼ੇ 'ਤੇ ਸਵਾਰ ਹੋ ਕੇ ਆਪਣੀ ਧੀ ਨੂੰ ਮਿਲਣ ਲਈ ਖੱਬੇ ਰਾਜਪੂਤਾਂ ਨੂੰ ਜਾ ਰਹੀ ਸੀ ਕਿ ਪਿੰਡ ਚੂੰਗ ਦੇ ਕੋਲ ਪਿੱਛੋਂ ਆ ਰਹੀ ਜੇ.ਸੀ.ਬੀ. ਹਾਈਡਰਾ ਨੇ ਰਿਕਸ਼ੇ ਨੂੰ ਟੱਕਰ ਮਾਰ ਦਿੱਤੀ,ਜਿਸ ਨਾਲ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ ਤੇ ਰਿਕਸ਼ਾ ਚਾਲਕ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ।ਰਿਕਸ਼ਾ ਚਾਲਕ ਨੂੰ ਗੰਭੀਰ ਹਾਲਤ 'ਚ ਸਿਵਲ ਹਸਪਤਾਲ ਦਾਖਲ ਕਰਾ ਦਿੱਤਾ ਗਿਆ ਹੈ।ਮ੍ਰਿਤਕ ਔਰਤ ਦੀ ਪਹਿਚਾਣ ਬੀਰ ਕੌਰ ਵਾਸੀ ਪਿੰਡ ਅਗਰਵਾਲ ਜ਼ਿਲ੍ਹਾ ਗੁਰਦਾਸਪੁਰ ਥਾਣਾ ਕਿਲਾ ਲਾਲ ਸਿੰਘ ਵਜੋਂ ਹੋਈ ਹੈ।ਥਾਣਾ ਮਹਿਤਾ ਦੀ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਪਾਰਟਮ ਲਈ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਜਮਾਂ ਕਰਵਾ ਦਿੱਤੀ ਗਈ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ




ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਏ ਤੇ ਕੀਰਤਨ ਸੁਣਿਆ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ ਤੇ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਤੁਰੰਤ ਮੰਨ ਲੈਣੀਆਂ ਚਾਹੀਦੀਆਂ ਹਨ।

## ਗੁਰਬਾਜ ਗਿੱਲ ਨੂੰ ਫਿਤਮਾ (ਫਿਲਮ ਐਂਡ ਟੈਲੀਵਿਜ਼ਨ ਮੀਡੀਆ ਐਸੋਸੀਏਸ਼ਨ) ਪੰਜਾਬ ਦਾ ਮੀਡੀਆ ਇੰਚਾਰਜ ਚੁਣਿਆ

**ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਫ਼ਿਲਮ ਅਤੇ ਸੰਗੀਤ ਇੰਡਸਟਰੀ ਵਿੱਚ ਆਪਣੀ ਅਦਾਕਾਰੀ, ਡਾਇਰੈਕਸ਼ਨ ਅਤੇ ਪੱਤਰਕਾਰੀ ਨਾਲ ਵਿਲੱਖਣ ਪਹਿਚਾਣ ਬਣਾਉਣ ਵਾਲੇ ਐਕਟਰ, ਡਾਇਰੈਕਟਰ ਤੇ ਸੰਗੀਤਕ ਤੇ ਫ਼ਿਲਮੀ ਪੱਤਰਕਾਰ ਗੁਰਬਾਜ ਗਿੱਲ ਨੂੰ ਭਾਰਤ ਦੀ ਦੂਸਰੀ ਸਭ ਤੋਂ ਵੱਡੀ ਫ਼ਿਲਮ ਤੇ ਸੰਗੀਤਕ ਆਰਗਨਾਈਜੇਸ਼ਨ ਫਿਤਮਾ (ਫਿਲਮ ਐਂਡ ਟੈਲੀਵਿਜ਼ਨ ਮੀਡੀਆ ਐਸੋਸੀਏਸ਼ਨ) ਪੰਜਾਬ ਦਾ ਮੀਡੀਆ ਇੰਚਾਰਜ ਲਾਇਆ ਹੈ, ਜਿਨ੍ਹਾਂ ਨੂੰ ਇਸ ਸੰਸਥਾ ਦੇ ਫਾਉਂਡਰ ਤੇ ਚੇਅਰਮੈਨ ਸ੍ਰੀ ਲਿਆਕਤ ਅਲੀ ਖਾਨ ਨੇ ਚੁਣਿਆ ਹੈ। ਪੱਤਰਕਾਰੀ ਦੇ ਨਾਲ ਨਾਲ ਸੰਗੀਤਕ ਤੇ ਫ਼ਿਲਮ ਇੰਡਸਟਰੀ ਵਿੱਚ ਆਪਣੀ ਅਦਾਕਾਰੀ, ਡਾਇਰੈਕਸ਼ਨ ਨਾਲ ਸੇਵਾਵਾਂ ਨਿਭਾਉਣ ਲਈ ਵੱਡਮੁਲਾ ਯੋਗਦਾਨ ਪਾਉਣ ਸਦਕਾ, ਇਸ ਕਾਬਲੀਅਤ ਨੂੰ ਸ੍ਰੀ ਲਿਆਕਤ ਅਲੀ ਖਾਨ ਨੇ ਪਛਾਣਿਆ ਤੇ ਪੰਜਾਬ ਦਾ ਮੀਡੀਆ ਇੰਚਾਰਜ ਬਣਾਇਆ। ਇਸ ਸੰਸਥਾ ਬਾਰੇ ਗੱਲਬਾਤ ਕਰਦਿਆਂ ਗੁਰਬਾਜ ਗਿੱਲ ਨੇ ਦੱਸਿਆ ਕਿ ਜਿਸ ਤਰ੍ਹਾਂ ਕਰੋਨਾ ਕਾਲ ਦੇ ਸਮੇਂ ਥੀਏਟਰ ਕਲਾਕਾਰ ਤੇ ਗਾਇਕ, ਸਾਜੀ ਆਦਿ ਵਿਹਲੇ ਹੋ ਗਏ ਸਨ ਤੇ ਉਹਨਾਂ ਦੀ ਨਾ ਪੰਜਾਬ ਸਰਕਾਰ ਵੱਲੋਂ ਨਾ ਕੇਂਦਰ ਸਰਕਾਰ ਵੱਲੋਂ, ਨਾ ਆਰਥਿਕ, ਨਾ ਹੀ ਕਿਸੇ ਹੋਰ ਤਰ੍ਹਾਂ ਦੀ ਸਹਾਇਤਾ ਕੀਤੀ ਗਈ, ਉਸ ਕਾਲੇ ਦੌਰ ਦੌਰਾਨ ਕਈ ਕਲਾਕਾਰ ਵਿਹਲੇ ਹੋ ਕੇ ਬੈਠ ਗਏ ਅਤੇ ਕਈ ਕੰਮ ਹੀ ਛੱਡ ਗਏ, ਇਸ ਲਈ ਸ੍ਰੀ ਲਿਆਕਤ ਅਲੀ ਖਾਨ ਜੀ ਨੇ ਇਸ ਸੰਸਥਾ ਦੀ ਸਥਾਪਨਾ ਕੀਤੀ ਤਾਂ ਜੋ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਕਲਾਕਾਰ ਵਰਗ ਨੂੰ ਸੁੱਖ ਸਹੂਲਤਾਂ ਤੇ ਰਿਟਾਇਰਮੈਂਟ ਤੋਂ ਬਾਅਦ ਪੈਨਸ਼ਨ ਦੀ ਸਹੂਲਤ ਮਿਲ ਸਕੇ। ਇਸ ਸੰਸਥਾ ਨਾਲ ਵੱਧ ਤੋਂ ਵੱਧ ਕਲਾਕਾਰਾਂ ਸਾਜੀਆਂ, ਥੀਏਟਰ ਕਲਾਕਾਰਾਂ, ਗੀਤਕਾਰਾਂ, ਮਿਊਜ਼ਿਕ ਡਾਇਰੈਕਟਰ, ਫਿਲਮ ਡਾਇਰੈਕਟਰ ਤੇ ਸੰਗੀਤ ਨਾਲ ਜੁੜੇ ਕਲਾਕਾਰਾਂ ਨੂੰ ਜੁੜਨ ਦੀ ਅਪੀਲ ਕੀਤੀ ਤੇ ਲਿਆਕਤ ਅਲੀ ਖਾਨ ਜੀ ਅਤੇ ਪ੍ਰੋਡਿਊਸਰ ਤੇ ਡਾਇਰੈਕਟਰ ਜੋਤੀ ਖੇਮੂਆਣਾ ਤੇ ਸਨੀ ਖੇਮੂਆਣਾ ਫਿਤਮਾ (ਫਿਲਮ ਐਂਡ ਟੈਲੀਵਿਜ਼ਨ ਮੀਡੀਆ ਐਸੋਸੀਏਸ਼ਨ) ਬਠਿੰਡਾ ਦੇ ਪ੍ਰਧਾਨ ਤੇ ਵਾਇਸ ਪ੍ਰਧਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਲਿਆਕਤ ਅਲੀ ਖਾਨ ਜੀ ਨਾਲ ਮਿਲਾਇਆ ਤੇ ਸੰਸਥਾ ਬਾਰੇ ਜਾਣਕਾਰੀ ਦਿੱਤੀ।



## ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ

# ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ









(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਸ਼੍ਰੋਮਣੀ ਸੰਤ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ ।ਰਾਗੀ ਭਾਈ ਕਿਰਪਾਲ ਸਿੰਘ ਵਾੜਾ ਸ਼ੇਰ ਸਿੰਘ ਅਤੇ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਉਪਰੰਤ ਸਿੱਖ ਕੌਮ ਦੀ ਮਾਇਨਾਜ ਹਸਤੀ ਬਹੁਤ ਹੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਹੁਰਾਂ ਨੇ ਸੰਗਤਾਂ ਨੂੰ ਭਗਤ ਰਵਿਦਾਸ ਜੀ ਦੇ ਜੀਵਨੀ ਬਾਰੇ ਕਥਾ ਸੁਣਾ ਕੇ ਨਿਹਾਲ ਕੀਤਾ। ਇਸ ਤੋਂ ਉਪਰੰਤ ਵੱਖ-ਵੱਖ ਬੁਲਾਰਿਆਂ ਨੇ ਹਾਜਰੀ ਭਰੀ। ਸਟੇਜ ਸੈਕਟਰੀ ਦੀ ਸੇਵਾ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਨਿਭਾਈ। ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ।ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਵੱਲੋਂ ਸਮੂਲੀਅਤ ਕੀਤੀ ਗਈ ਜਿਸ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਨਰਲ ਸਕੱਤਰ ਪੰਜਾਬ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ, ਭਾਈ ਈਸ਼ਰ ਸਿੰਘ ਜੀ ਮੀਤ ਪ੍ਰਧਾਨ ਸ੍ਰੀ ਅੰਮ੍ਰਿਤਸਰ ਧਾਰਮਿਕ ਵਿੰਗ, ਭਾਈ ਰਜਿੰਦਰ ਸਿੰਘ ਜੀ ਰਾਜਾ ਜ਼ਿਲਾ ਪ੍ਰਧਾਨ ਗੁਰਦਾਸਪੁਰ, ਭਾਈ ਭੁਪਿੰਦਰ ਸਿੰਘ ਜੀ ਜਰਨਲ ਸਕੱਤਰ ਤਰਨ ਤਾਰਨ, ਸ੍ਰ ਦਲਜੀਤ ਸਿੰਘ ਜੀ ਮੁੱਠਿਆਂ ਵਾਲਾ ਬਲਾਕ ਪ੍ਰਧਾਨ ਵਲਟੋਹਾ, ਭਾਈ ਸਰਬਜੀਤ ਸਿੰਘ ਜੀ ਬਲਾਕ ਪ੍ਰਧਾਨ ਰਾਜਾ ਸਾਂਸੀ ਅਤੇ ਹੋਰ ਵਰਕਰ ਸਾਹਿਬਾਨਾਂ ਨੇ ਆਪਣੀ ਹਾਜ਼ਰੀ ਭਰੀ। ਨਾਲ ਹੀ ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲੇ, ਬਾਬਾ ਮੰਗਲ ਦਾਸ ਜੀ ਵਿਸ਼ੇਸ਼ ਤੌਰ ਤੇ ਪਹੁੰਚੇ। ਇੰਟਰਨੈਸ਼ਨਲ ਪੰਥਕ ਦਲ ਦੇ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਵੱਲੋਂ ਸਮੂਹ ਆਏ ਹੋਏ ਮਹਾਂਪੁਰਖ ਅਤੇ ਸੰਗਤਾਂ ਨੂੰ ਜੀ ਆਇਆ ਕਿਹਾ ਤੇ ਧੰਨਵਾਦ ਕੀਤਾ ।ਇਸ ਮੌਕੇ ਬਾਊ ਜੀ ਕੱਪੜੇ ਵਾਲੇ, ਬੀਬੀ ਪਿਆਰ ਕੌਰ ,ਗੁਰਲਾਲ ਸਿੰਘ ਸੁੱਗਾ, ਸੁਖਦੇਵ ਸਿੰਘ ਫਿਰੋਜ਼ਪੁਰ, ਬਾਬਾ ਹਰਪਾਲ ਸਿੰਘ ਭੈਣੀ, ਬਖਸੀਸ ਸਿੰਘ ਭੈਣੀ, ਸੁਖਰਾਜ ਸਿੰਘ ਗਰਵਾਲੀ, ਸੁਖਰਾਜ ਸਿੰਘ ,ਬਲਜੀਤ ਸਿੰਘ ਅਲਗੋ ,ਅਵਤਾਰ ਸਿੰਘ ਚੇਲਾ ,ਬਾਬਾ ਕੁਲਦੀਪ ਸਿੰਘ ਅਣਖੀ ,ਪਟਵਾਰੀ ਗੁਰਵੇਲ ਸਿੰਘ ,ਰਣਜੀਤ ਸਿੰਘ ,ਗੁਰਮੇਲ ਸਿੰਘ ਘਰਿਆਲਾ, ਕੁਲਦੀਪ ਸਿੰਘ ਮਾੜੀ ਮੇਘਾਂ, ਮਾਸਟਰ ਮੇਜਰ ਸਿੰਘ ਅਲਗੋਂ ਕੋਠੀ, ਸੁਖਲਾਲ ਸਿੰਘ ਨਵਾਧਾ, ਦੀਦਾਰ ਸਿੰਘ ਨਾਵਾਦਾ ,ਕਮਲਜੀਤ ਸਿੰਘ, ਭੁਪਿੰਦਰ ਸਿੰਘ ਮੱਲੀ ,ਬਾਬਾ ਗੁਰਮੁਖ ਸਿੰਘ ਤਰਨ ਤਾਰਨ, ਹਰਪਾਲ ਸਿੰਘ, ਬਲਦੇਵ ਸਿੰਘ ਸਾਬਕਾ ਸਰਪੰਚ ਭੈਣੀ, ਪਰਮਜੀਤ ਸਿੰਘ ਭੈਣੀ, ਰੇਸ਼ਮ ਸਿੰਘ ਭੁੱਲਰ ,ਬਲਦੇਵ ਸਿੰਘ ਭੁੱਲਰ, ਅਵਤਾਰ ਸਿੰਘ ਚੇਅਰਮੈਨ, ਸੁਖਦੇਵ ਸਿੰਘ, ਸ਼ਮਸ਼ੇਰ ਸਿੰਘ ,ਸਲਵਿੰਦਰ ਸਿੰਘ, ਬਲਵਿੰਦਰ ਸਿੰਘ, ਰਵੀ ਦੀਪ ਸਿੰਘ ,ਸਤਨਾਮ ਸਿੰਘ, ਭਗਵਾਨ ਸਿੰਘ ਬਾਸਰਕੇ ,ਬਾਬਾ ਗੁਰਸਾਹਿਬ ਸਿੰਘ ਜੀ ਸਮਾਗਮ ਸੇਵਕ ਵਰਨਾਲਾ ,ਕੁਲਵੰਤ ਸਿੰਘ ਬਾਸਰਕੇ, ਦਰਸ਼ਨ ਸਿੰਘ ਬਾਸਰਕੇ, ਸਵਰਨ ਸਿੰਘ ਬਾਸਰਕੇ,ਸੁਰਜੀਤ ਸਿੰਘ ਰੋਪੜ ,ਗੁਰਸ਼ਰਨ ਸਿੰਘ, ਭਾਈ ਰਣਜੀਤ ਸਿੰਘ ਸਤਿਕਾਰ ਕਮੇਟੀ ਉਦੋਂਕੇ ,ਜਰਮਲ ਸਿੰਘ ਸੈਕਟਰੀ ਖੇਮਕਰਨ ਅਤੇ ਸਮੂਹ ਸੰਗਤਾਂ ਹਾਜ਼ਰ ਸਨ



ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ

# ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ




ਆਵਾਜ਼ਿ ਕੌਮ AWAZE QAUM International Newspaper & WEB TV







ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸ਼ੰਭੂ ਬਾਰਡਰ ਵਿਖੇ ਕਿਸਾਨ ਭਰਾਵਾਂ ਲਈ ਚੜ੍ਹਦੀਕਲਾ ਦੀ ਕੀਤੀ ਅਰਦਾਸ

# ਸਰਕਾਰਾਂ ਦੀ ਨਲਾਇਕੀ ਤੇ ਅਣਦੇਖੀ ਨੇ ਕਿਸਾਨਾਂ ਤੇ ਕਿਸਾਨੀ ਦਾ ਲੱਕ ਤੋੜਿਆ: ਐਡਵੋਕੇਟ ਹਰਜਿੰਦਰ ਸਿੰਘ ਧਾਮੀ

### ਸੰਘਰਸ਼ ਕਰ ਰਹੇ ਕਿਸਾਨਾਂ ’ਤੇ ਕੀਤੇ ਜਾ ਰਹੇ ਜਬਰ ਨਾਲ ਸਰਕਾਰਾਂ ਦਾ ਚਿਹਰਾ ਹੋਇਆ ਬੇਨਕਾਬ










**ਪਟਿਆਲਾ/ਸ਼ੰਭੂ ਬਾਰਡਰ 24 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਸਰਕਾਰਾਂ ਦੀ ਅਣਦੇਖੀ ਅਤੇ ਨਲਾਇਕੀ ਕਾਰਨ ਦੇਸ਼ ਲਈ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਕਿਸਾਨਾਂ ਤੇ ਕਿਸਾਨੀ ਦਾ ਲੱਕ ਤੋੜਿਆ ਜਾ ਰਿਹਾ ਹੈ ਅਤੇ ਕਿਸਾਨ ਹਿਤੈਸ਼ੀ ਹੋਣ ਦੇ ਦਾਅਵਿਆਂ ਦੀ ਫੂਕ ਵੀ ਨਿਕਲ ਕੇ ਰਹਿ ਗਈ ਹੈ, ਜਿਸ ਕਾਰਨ ਮਜਬੂਰਨ ਕਿਸਾਨ ਸੜਕਾਂ ’ਤੇ ਉਤਰ ਕੇ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸ਼ੰਭੂ ਬਰਡਰ ’ਤੇ ਕਿਸਾਨ ਭਰਾਵਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਨਿਰੰਤਰ ਚਲਾਏ ਜਾ ਰਹੇ ਲੰਗਰ ਵਿਚ ਪੁੱਜਣ ਮੌਕੇ ਗੱਲਬਾਤ ਕਰਦਿਆਂ ਕੀਤਾ।

ਆਵਾਜ਼ਿ ਕੌਮ AWAZE QAUM
International Newspaper & WEB TV

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰਾਂ ਵੱਲੋਂ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਕੀਤੀ ਗਈ ਵਾਅਦਾਖਿਲਾਫੀ ਦਾ ਨਤੀਜਾ ਹੈ ਕਿ ਅੱਜ ਕਿਸਾਨ ਫਿਰ ਤੋਂ ਦਿੱਲੀ ਜਾਣ ਲਈ ਮਜਬੂਰ ਹੋਇਆ ਹੈ ਅਤੇ ਹੁਣ ਸਰਕਾਰਾਂ ਕਿਸਾਨ ਜਥੇਬੰਦੀਆਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਉਨ੍ਹਾਂ ਨੂੰ ਤਾਨਾਸ਼ਾਹੀ ਤਰੀਕੇ ਨਾਲ ਵੱਖ ਵੱਖ ਬਾਰਡਰਾਂ ’ਤੇ ਰੋਕ ਰਹੀਆਂ ਹਨ, ਜਿਸ ਤੋਂ ਸਪੱਸ਼ਟ ਹੈ ਕਿ ਲੋਕਤੰਤਰ ਵਿੱਚ ਕਿਸਾਨਾਂ ਦੀ ਆਵਾਜ਼ ਨੂੰ ਦਬਾ ਕੇ ਮਾਨਵੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਕਿਸਾਨੀ ਪਰਿਵਾਰ ਨਾਲ ਸਬੰਧਤ ਹੋਣ ਕਰਕੇ ਉਹ ਜਾਣਦੇ ਹਨ ਕਿ ਸਰਕਾਰਾਂ ਨੇ ਖੇਤੀ ਨੂੰ ਮੁਨਾਫੇ ਵਾਲਾ ਧੰਦਾ ਨਹੀਂ ਰਹਿਣ ਦਿੱਤਾ ਤਾਂ ਹੀ ਕਿਸਾਨ ਅੱਜ ਰਹਿੰਦੀਆਂ ਖੂੰਹਦੀਆਂ ਫਸਲਾਂ ’ਤੇ ਘੱਟੋ ਘੱਟ ਸਮਰਥਨ ਮੁੱਲ (ਐੱਮਐੱਸਪੀ) ਦਾ ਕਾਨੂੰਨ ਲਿਆਉਣ ਦੀ ਗੱਲ ਕਰ ਰਹੇ ਹਨ ਤਾਂ ਕਿ ਫਸਲ ਸਹੀ ਸਰਕਾਰ ਵੱਲੋਂ ਤੈਅ ਰੇਟ ਮਿੱਲ ਸਕੇ। ਗੱਲਬਾਤ ਤੋਂ ਪਹਿਲਾਂ ਸ਼ੰਭੂ ਬਾਰਡਰ ’ਤੇ ਸਵੇਰੇ ਪਹੁੰਚ ਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਕਿਸਾਨ ਭਰਾਵਾਂ ਨੂੰ ਖੁਦ ਆਪਣੇ ਹੱਥੀਂ ਲੰਗਰ ਵਰਤਾਇਆ ਗਿਆ ਅਤੇ ਕਿਸਾਨ ਸੰਘਰਸ਼ ਕਰਨ ਵਾਲੇ ਕਿਸਾਨ ਭਰਾਵਾਂ ਲਈ ਚੜ੍ਹਦੀਕਲਾ ਦੀ ਅਰਦਾਸ ਵੀ ਕੀਤੀ ਗਈ। ਇਸ ਦੌਰਾਨ ਉਚੇਚੇ ਤੌਰ ’ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਹਲਕਾ ਇੰਚਾਰਜ ਘਨੌਰ ਭੁਪਿੰਦਰ ਸਿੰਘ ਸ਼ੇਖੂਪੁਰ ਵੀ ਪੁੱਜੇ ਹੋਏ ਸਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਖੇਤੀ




ਸਬੰਧਤ ਤਿੰਨ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਕਿਸਾਨ ਜਥੇਬੰਦੀਆਂ ਨੂੰ ਲੰਮਾ ਸਮਾਂ ਦਿੱਲੀ ਦੇ ਵੱਖ ਵੱਖ ਬਾਰਡਰਾਂ ’ਤੇ ਬੈਠ ਕੇ ਸੰਘਰਸ਼ ਕਰਨਾ ਪਿਆ। ਇਸ ਦੌਰਾਨ ਸਰਕਾਰ ਨੇ ਝੁਕਦਿਆਂ ਖੇਤੀ ਦੇ ਕਾਲੇ ਕਾਨੂੰਨਾਂ ਨੂੰ ਰੱਦ ਕੀਤਾ ਸੀ ਅਤੇ ਕਿਸਾਨ ਜਥੇਬੰਦੀਆਂ ਨਾਲ ਐੱਮਐੱਸਪੀ ਸਮੇਤ ਕਈ ਰਹਿੰਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਲਿਖਤੀ ਵਾਅਦਾ ਕੀਤਾ ਸੀ, ਜੋ ਅੱਜ ਤੱਕ ਸਰਕਾਰ ਪੂਰਾ ਨਾ ਕਰ ਸਕੀ। ਉਨ੍ਹਾਂ ਕਿਹਾ ਕਿ ਕਿਸਾਨ ਸੰਘਰਸ਼ ਦੌਰਾਨ ਪਹਿਲਾਂ ਕਿਸਾਨਾਂ ਦਾ ਵੱਡਾ ਨੁਕਸਾਨ ਹੋ ਚੁੱਕਿਆ ਤੇ 700 ਤੋਂ ਵੱਧ ਦੇ ਕਿਸਾਨ ਸ਼ਹੀਦ ਹੋਏ ਸਨ, ਅੱਜ ਜਦੋਂ ਕਿਸਾਨ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਦਿੱਲੀ ਜਾਣਾ ਚਾਹੁੰਦੇ ਹਨ ਤਾਂ ਕਿਸਾਨਾਂ ਨੂੰ ਹਰਿਆਣਾ ਸਰਕਾਰ ਤਾਨਾਸ਼ਾਹੀ ਤਰੀਕੇ ਨਾਲ ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ ’ਤੇ ਪੈਰਾ ਮਿਲਟਰੀ ਦਾ ਸਖ਼ਤ ਪਹਿਰਾ ਰੱਖਕੇ ਰੋਕ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਕਰ ਰਹੀਆਂ ਹਨ ਅਤੇ ਸਰਕਾਰ ਜਬਰ ਦੇ ਨਾਲ ਕਿਸਾਨਾਂ ਦਾ ਸਬਰ ਪਰਖਣ ’ਤੇ ਲੱਗੀ ਹੋਈ ਹੈ ਅਤੇ ਦੂਜੇ ਪਾਸੇ ਕਿਸਾਨਾਂ ’ਤੇ ਲਾਠੀਚਾਰਜ, ਹਥਿਆਰਬੰਦ ਦਸਤਿਆਂ ਵੱਲੋਂ ਅੱਥਰੂ ਗੈਸ ਦੇ ਗੋਲੇ, ਰਬੜ ਦੀਆਂ ਗੋਲੀਆਂ ਆਦਿ ਬਲ ਪ੍ਰਯੋਗ ਕਰਨਾ ਬੇਹੱਦ ਮੰਦਭਾਗਾ ਵਰਤਾਰਾ ਹੈ ਅਜਿਹਾ ਕਰਕੇ ਕਿਸਾਨਾਂ ਨੂੰ ਆਪਣੇ ਦੇਸ਼ ਵਿਚ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸੰਘਰਸ਼ ਕਰ ਰਹੇ ਕਿਸਾਨਾਂ ’ਤੇ ਕੀਤੇ ਜਾ ਰਹੇ ਜਬਰ ਨਾਲ ਸਰਕਾਰਾਂ ਦਾ ਚਿਹਰਾ ਬੇਨਕਾਬ ਹੋ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਹਰਿਆਣਾ ਟੱਪਕੇ ਪੰਜਾਬ ਦੀ ਹੱਦ ਵਿਚ ਦਾਖਲ ਹੋ ਕੇ ਕਿਸਾਨਾਂ ’ਤੇ ਹਮਲਾ ਕਰਨਾ, ਟਰੈਕਟਰਾਂ ਦੀ ਤੋੜ ਭੰਨ ਕਰਨਾ, ਨੌਜਵਾਨਾਂ ’ਤੇ ਗੋਲੀ ਚਲਾ ਕੇ ਜਾਨ ਲੈਣ ਤੋਂ ਇਲਾਵਾ ਨੌਜਵਾਨਾਂ ’ਤੇ ਮਾਮਲੇ ਦਰਜ ਕਰਨਾ ਘਿਨੌਣਾ ਵਰਤਾਰਾ ਹੈ ਜੋ ਬੰਦ ਹੋਣਾ ਚਾਹੀਦਾ ਹੈ। ਇਸ ਮੰਦਭਾਗੀ ਘਟਨਾ ਲਈ ਹਰਿਆਣਾ ਸਰਕਾਰ ਤੇ ਪੰਜਾਬ ਸਰਕਾਰ ਅਹਿਮ ਤੌਰ ’ਤੇ ਜ਼ਿੰਮੇਵਾਰ ਹਨ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਕਿਸਾਨ ਸੰਘਰਸ਼ ਦੀ ਹਮਾਇਤ ਕਰਦੀ ਆਈ ਹੈ ਅਤੇ ਹੁਣ ਲੰਗਰ ਅਤੇ ਮੈਡੀਕਲ ਸੇਵਾਵਾਂ ਜਾਰੀ ਰੱਖਕੇ ਆਪਣਾ ਵੱਡਮੁੱਲਾ ਯੋਗਦਾਨ ਪਾ ਰਹੀ ਹੈ, ਜਿਸ ਨੂੰ ਭਵਿੱਖ ਵਿਚ ਵੀ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਜਰਨੈਲ ਸਿੰਘ ਮਕਰੌੜ ਸਾਹਿਬ, ਜੰਗ ਸਿੰਘ ਇਟਲੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਐਂਡ ਇੰਜਨੀਅਰਿੰਗ ਵਿਭਾਗ ਵੱਲੋਂ 'ਕਾਰਪੋਰੇਟ ਸੈਕਟਰ ਵਿੱਚ ਏ.ਆਈ' ਬਾਰੇ ਵੈਬੀਨਾਰ ਦਾ ਆਯੋਜਨ

ਤਲਵੰਡੀ ਸਾਬੋ, 24 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵਿਖੇ ਇੰਟਰਨਲ ਕੁਆਲਿਟੀ ਐਸ਼ੋਰੈਂਸ ਸੈੱਲ (ਆਈ.ਕਿਊ.ਏ.ਸੀ) ਸੈੱਲ ਅਤੇ ਕੰਪਿਊਟਰ ਸਾਇੰਸ ਐਂਡ ਇੰਜਨੀਅਰਿੰਗ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਆਈ.ਸੀ.ਟੀ ਦੇ ਸਹਿਯੋਗ ਨਾਲ ਕਾਰਪੋਰੇਟ ਸੈਕਟਰ ਵਿੱਚ ਏ ਆਈ ਬਾਰੇ ਇੱਕ ਵੈਬੀਨਾਰ ਸੈਮੀਨਾਰ ਹਾਲ ਵਿੱਚ ਆਯੋਜਿਤ ਕੀਤਾ ਗਿਆ। ਇਸ ਜਾਣਕਾਰੀ ਭਰਪੂਰ ਔਨਲਾਈਨ ਪ੍ਰੋਗਰਾਮ ਨੇ ਆਈਸੀਟੀ ਦੇ ਸਹਿਯੋਗ ਨਾਲ ਕਾਰਪੋਰੇਟ ਸੈਕਟਰ ਵਿੱਚ ਏ ਆਈ ਵਿੱਚ ਨਵੀਨਤਮ ਰੁਝਾਨਾਂ ਅਤੇ ਰਣਨੀਤੀਆਂ 'ਤੇ ਰੌਸ਼ਨੀ ਪਾਈ। ਮੁੱਖ ਬੁਲਾਰੇ, ਸ਼੍ਰੀਮਤੀ ਰਾਜੇਸ਼ਵਰੀ ਰਾਏ ਪ੍ਰਮੁੱਖ ਉਪਭੋਗਤਾ ਸਹਾਇਤਾ ਵਿਕਾਸਕਾਰ ਨੇ ਕਾਰਪੋਰੇਟ ਸੈਕਟਰ ਵਿੱਚ ਏਆਈ ਬਾਰੇ ਇੱਕ ਵਿਸ਼ੇਸ਼ ਭਾਸ਼ਣ ਦਿੱਤਾ। ਉਹਨਾਂ ਨੇ ਆਈ.ਸੀ.ਟੀ ਦੇ ਸਹਿਯੋਗ ਨਾਲ ਕਾਰਪੋਰੇਟ ਖੇਤਰ ਵਿੱਚ ਏ.ਆਈ ਦੀ ਮਹੱਤਤਾ 'ਤੇ ਚਾਨਣਾ ਪਾਇਆ। ਵੈਬੀਨਾਰ ਦੇ ਭਾਗੀਦਾਰ ਨੂੰ ਪ੍ਰੋਗਰਾਮ ਦੌਰਾਨ ਅੱਜ ਦੇ ਗਤੀਸ਼ੀਲ ਲੈਂਡਸਕੇਪ ਵਿੱਚ ਅੱਗੇ ਰਹਿਣ ਲਈ ਕੀਮਤੀ ਸੂਝ, ਕਾਰਜਸ਼ੀਲ ਰਣਨੀਤੀਆਂ ਅਤੇ ਵਿਹਾਰਕ ਸੁਝਾਅ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਅੰਤ ਵਿਚ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਉਪਿੰਦਰ ਕੌਰ ਨੇ ਧੰਨਵਾਦ ਦੀ ਰਸਮ ਅਦਾ ਕੀਤੀ।

### ਕਿਸਾਨ ਜਥੇਬੰਦੀਆਂ ਵੱਲੋਂ ਮਲੇਰਕੋਟਲਾ ਵਿਖੇ

## ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ, ਮਨੋਹਰ ਲਾਲ ਖੱਟੜ ਅਤੇ ਗ੍ਰਹਿ ਮੰਤਰੀ ਅਨਿਲ ਵਿਜ ਦੇ ਪੁਤਲੇ ਸਾੜੇ



ਮਾਲੇਰਕੋਟਲਾ, 24 ਫਰਵਰੀ (ਰਣਜੀਤ ਸਿੰਘ ਪੇਧਨੀ)- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕਿਸਾਨ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਮਲੇਰਕੋਟਲਾ ਵਿੱਚ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਅਤੇ ਗ੍ਰਿਹਿ ਮੰਤਰੀ ਅਨਿਲ ਵਿੱਜ ਦਾ ਪੁਤਲਾ ਫੂਕਿਆ ਗਿਆ ਅਤੇ ਮੰਗ ਕੀਤੀ ਗਈ ਕਿ ਸੰਭੂ ਅਤੇ ਖਨੌਰੀ ਬਾਰਡਰ ਤੇ ਹਰਿਆਣਾ ਪੁਲਿਸ ਵੱਲੋਂ ਕੀਤੀ ਗਈ ਹਿੰਸਾ ਵਿੱਚ ਸ਼ਹੀਦ ਹੋਏ ਸ਼ੁਭਕਰਨ ਸਿੰਘ ਦੇ ਮਾਮਲੇ ਵਿੱਚ ਇਹਨਾਂ ਤਿੰਨਾਂ ਉੱਪਰ 302 ਦਾ ਪਰਚਾ ਦਰਜ ਕੀਤਾ। ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਮਾਨ ਸਿੰਘ ਸੱਦੋਪੁਰ ਅਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜਿਲਾ ਪ੍ਰਧਾਨ ਅਮਰਜੀਤ ਸਿੰਘ ਰੋਹਣੋ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਅਤੇ ਹਰਿਆਣਾ ਦੀ ਖੱਟੜ ਸਰਕਾਰ ਨੇ ਸ਼ਾਂਤਮਈ ਢੰਗ ਨਾਲ ਦਿੱਲੀ ਆਪਣੀਆਂ ਮੰਗਾਂ ਨੂੰ ਲੈ ਕੇ ਜਾ ਰਹੇ ਕਿਸਾਨਾਂ ਉੱਪਰ ਢਾਇਆ ਗਿਆ ਅਣਮਨੁੱਖੀ ਕਹਿਰ ਭਾਰਤ ਦੇ ਜਮਹੂਰੀ ਢਾਂਚੇ ਉੱਪਰ ਸਵਾਲ ਖੜੇ ਕਰਦਾ ਹੈ ਉਨਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਹਰਿਆਣਾ ਸਰਕਾਰ ਦੀ ਸ਼ਿਹ ਤੇ ਹੋਏ ਇਸ ਹਮਲੇ ਉੱਪਰ ਕਾਰਵਾਈ ਕਰਨ ਦੀ ਥਾਂ ਤੇ ਲਿਪਾਪੋਚੀ ਕਰ ਰਹੀ ਹੈ। ਉਨਾਂ ਕਿਹਾ ਕਿ ਜੇਕਰ ਦੋਸ਼ੀਆਂ ਉੱਪਰ ਕਾਰਵਾਈ ਨਹੀਂ ਹੁੰਦੀ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਆਗੂ ਰੁਪਿੰਦਰ ਸਿੰਘ ਚੌਂਦਾ, ਚਮਕੌਰ ਸਿੰਘ ਹਥਨ,ਕੁੱਲ ਹਿੰਦ ਕਿਸਾਨ ਸਭਾ ਦੇ ਦਰਸ਼ਨ ਸਿੰਘ ਕੁਠਾਲਾ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜਿਲਾ ਆਗੂ ਅਵਤਾਰ ਸਿੰਘ ਮਹਾਲਾ,ਹਰਦੇਵ ਸਿੰਘ ਮਹੋਲੀ, ਸੁਖਵਿੰਦਰ ਸਿੰਘ ਚੂੰਗਾਂ ਆਦਿ ਹਾਜ਼ਰ ਸਨ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ 25 ਨੂੰ ਘਾਬਦਾਂ ਪੀ. ਜੀ.ਆਈ. ਹਸਪਤਾਲ ਦਾ ਉਦਘਾਟਨ ਕਰਨਗੇ: ਦਿਓਲ

ਧੂਰੀ, 24 ਫਰਵਰੀ (ਰਣਜੀਤ ਸਿੰਘ ਪੇਧਨੀ)- ਦੇਸ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸੰਗਰੂਰ ਲੋਕ ਸਭਾ ਹਲਕੇ ਦੇ ਲੋਕਾਂ ਦੇ ਲਈ ਇੱਕ ਵੱਡਾ ਤੋਹਫਾ ਦੇਣ ਜਾ ਰਹੇ ਹਨ, ਜੋ ਕਿ ਪਿਛਲੇ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਆਮ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਪੀ, ਜੀ ਆਈ ਹਸਪਤਾਲ ਘਾਬਦਾਂ ਦਾ ਉਦਘਾਟਨ 25 ਫਰਵਰੀ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਰਚੂਅਲ ਤੌਰ 'ਤੇ ਕਰਨਗੇ। ਜਿਸ ਦੇ ਨਾਲ ਮਰੀਜਾਂ ਨੂੰ ਆਨਲਾਈਨ ਰਜਿਸਟਰੇਸ਼ਨ ਦੀ ਸਹੂਲਤ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਹਲਕਾ ਇੰਚਾਰਜ ਧੂਰੀ ਸ, ਰਣਦੀਪ ਸਿੰਘ ਦਿਓਲ ਨੇ ਕੀਤਾ। ਉਨ੍ਹਾਂ ਕਿਹਾ ਕਿ ਪੀ, ਜੀ ਆਈ ਹਸਪਤਾਲ ਘਾਬਦਾਂ ਦੇ ਪਰੋਪਰ ਚਾਲੂ ਹੋਣ ਦੇ ਨਾਲ ਸੰਗਰੂਰ, ਬਰਨਾਲਾ, ਮਾਲੇਰਕੋਟਲਾ, ਮਾਨਸਾ ਆਦਿ ਜਿਲਿਆਂ ਨੂੰ ਕਾਫੀ ਰਾਹਤ ਮਿਲੇਗੀ ਕਿਉਂਕਿ ਕੈਂਸਰ ਵਰਗੀ ਭਿਆਨਕ ਬਮਾਰੀ ਨਾਲ ਪੀੜਤ ਮਰੀਜ਼ਾਂ ਨੂੰ ਪਹਿਲਾਂ ਚੰਡੀਗੜ੍ਹ ਚੈੱਕ ਅੱਪ ਦੇ ਲਈ ਜਾਣਾ ਪੈਂਦਾ ਸੀ, ਮੋਦੀ ਸਰਕਾਰ ਨੇ ਪੀਜੀਆਈ ਹਸਪਤਾਲ ਘਾਬਦਾਂ ਨੂੰ ਚਲਾ ਕੇ ਆਮ ਲੋਕਾਂ ਦੀ ਖੱਜਲ ਖੁਆਰੀ ਨੂੰ ਵੀ ਘਟਾਇਆ ਹੈ ਅਤੇ ਇਸ ਦੇ ਨਾਲ ਸਮੇਂ ਦੀ ਵੀ ਬੱਚਤ ਹੋਵੇਗੀ।

## ਬਾਰਡਰਾਂ ਤੇ ਸੰਘਰਸ ਕਰਦੇ ਕਿਸਾਨ ਭਰਾਵਾਂ ਲਈ ਆਖ਼ਰੀ ਦਮ ਤੱਕ ਲੜਦੇ ਰਹਾਂਗੇ: ਸ਼ੁਭਮ ਸ਼ਰਮਾ ਧੂਰੀ

ਧੂਰੀ, 24 ਫਰਵਰੀ (ਰਣਜੀਤ ਸਿੰਘ ਪੇਧਨੀ)- ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ 13 ਫਰਵਰੀ ਨੂੰ ਦਿੱਲੀ ਜਾਣ ਦਾ ਪ੍ਰੋਗਰਾਮ ਦਿੱਤਾ ਗਿਆ ਸੀ । ਜਿਸ ਨੂੰ ਲੈ ਕੇ ਹਰਿਆਣਾ ਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਬਾਰਡਰਾਂ ਤੇ ਭਾਰੀ ਫੋਰਸ ਲਾ ਕੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਬਾਰਡਰਾਂ ਤੇ ਰੋਕਿਆ ਗਿਆ ਹੈ। ਜਿਸ ਵਿੱਚ 300 ਤੋਂ ਵੱਧ ਕਿਸਾਨਾਂ ਨੂੰ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ ਤੇ ਹਰਿਆਣਾ ਦੀ ਖੱਟਰ ਸਰਕਾਰ ਜਖਮੀ ਕੀਤਾ ਅਤੇ ਤਿੰਨ ਕਿਸਾਨ ਸਹੀਦ ਹੋ ਚੁੱਕੇ ਹਨ। ਪਰ ਸਰਕਾਰ ਦੇ ਕੰਨਾਂ ਤੇ ਜੂੰ ਵੀ ਨਹੀਂ ਸਰਕ ਰਹੀ । ਇਸ ਔਖੀ ਘੜੀ ਵਿੱਚ ਪੰਜਾਬ ਯੂਥ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਉਘੇ ਸਮਾਜ ਸੇਵੀ ਸ਼ੁਭਮ ਸ਼ਰਮਾ (ਸ਼ੁਭੀ) ਧੂਰੀ ਵੱਲੋਂ ਖਨੌਰੀ ਬਾਰਡਰ ਤੇ ਪੁੱਜ ਕੇ ਆਪਣੇ ਕਿਸਾਨ ਭਰਾਵਾਂ ਦੇ ਲਈ ਫਰੂਟਾਂ ਦਾ ਲੰਗਰ ਲਗਾ ਕੇ ਇੱਕ ਛੋਟਾ ਜਾ ਉਪਰਾਲਾ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ੁਭਮ ਸ਼ਰਮਾ (ਸ਼ੁਭੀ) ਧੂਰੀ ਨੇ ਕਿਹਾ ਕਿ ਇਹ ਲੰਗਰ ਸੁਵਿਧਾ ਆਉਣ ਵਾਲੇ ਸਮੇਂ ਵਿੱਚ ਵੀ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਕਿਰਪਾ ਸਦਕਾ ਇਹ ਸੇਵਾਵਾਂ ਇਸੇ ਤਰਾਂ ਹੀ ਚੱਲਦੀਆਂ ਰਹਿਣਗੀਆਂ ਅਸੀਂ ਆਪਣੇ ਕਿਸਾਨਾਂ ਲਈ ਆਖ਼ਰੀ ਦਮ ਤੱਕ ਲੜਾਂਗੇ, ਨਾ ਡਰਾਂਗੇ,ਨਾ ਝੁਕਾਂਗੇ ਸ਼ਾਂਤੀ ਮਈ ਢੰਗ ਨਾਲ ਇਹ ਲੜਾਈ ਜਾਰੀ ਰਹੇਗੀ।

# ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਦੇ ਪਰਿਵਾਰਾਂ ਨੂੰ ਧਰਨੇ 'ਤੇ ਜਾ ਕੇ ਮਿਲੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ



ਨਵੀਂ ਦਿੱਲੀ, 24 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਦੇ ਪਰਿਵਾਰਾਂ ਨਾਲ ਉਨ੍ਹਾਂ ਵੱਲੋਂ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ ਉੱਤੇ ਲਗਾਏ ਗਏ ਧਰਨੇ ਵਿੱਚ ਜਾ ਕੇ ਅੱਜ ਮੁਲਾਕਾਤ ਕੀਤੀ। ਉਨ੍ਹਾਂ ਨੇ ਸਰਕਾਰ ਵੱਲੋਂ ਐੱਨਐੱਸਏ ਤਹਿਤ ਨਜ਼ਰਬੰਦ ਸਿੰਘਾਂ ਨੂੰ ਮਾਨਸਿਕ ਅਤੇ ਸ਼ਰੀਰਕ ਰੂਪ ਵਿੱਚ ਤੰਗ ਪਰੇਸ਼ਾਨ ਕਰਨ ਦੇ ਵਿਰੋਧ ਵਿੱਚ ਭੁੱਖ ਹੜਤਾਲ ਕਰ ਰਹੇ ਉਨ੍ਹਾਂ ਦੇ ਪਰਿਵਾਰਾਂ ਨਾਲ ਡਿਬਰੂਗੜ੍ਹ ਜੇਲ੍ਹ ਦੇ ਮੌਜੂਦਾ ਹਾਲਾਤ ਅਤੇ ਪੰਜਾਬ ਸਰਕਾਰ ਨਾਲ ਚੱਲ ਰਹੀ ਗੱਲਬਾਤ ਬਾਰੇ ਵਿਚਾਰ ਚਰਚਾ ਕੀਤੀ। ਇਸ ਮੌਕੇ ਐਡਵੋਕੇਟ ਧਾਮੀ ਨੇ ਨਜ਼ਰਬੰਦ ਸਿੰਘਾਂ ਦੇ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਉਨ੍ਹਾਂ ਨਾਲ ਹਰ ਪੱਖ ਤੋਂ ਸਹਿਯੋਗ ਦੇਣ ਲਈ ਵਚਨਬੱਧ ਹੈ ਅਤੇ ਜਲਦ ਹੀ ਇਸ ਮਸਲੇ ਨੂੰ ਲੈ ਕੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਵਿਚਾਰ ਕਰਕੇ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨੇ ਪਹਿਲਾਂ ਵੀ ਪੰਜਾਬ ਤੋਂ ਬਾਹਰ ਜੇਲ੍ਹਾਂ ਕੱਟੀਆਂ ਹਨ ਪਰ ਇਸ ਤਰ੍ਹਾਂ ਕਦੇ ਨਹੀਂ ਹੋਇਆ ਕਿ ਉਨ੍ਹਾਂ ਦੀ ਨਿੱਜਤਾ 'ਤੇ ਹਮਲਾ ਕਰਦਿਆਂ ਬਾਥਰੂਮਾਂ ਵਿੱਚ ਵੀ ਕੈਮਰੇ ਤੇ ਰਿਕਾਰਡਰ ਲਗਾ ਦਿੱਤੇ ਜਾਣ ਅਤੇ ਮਾਨਸਿਕ ਤੌਰ 'ਤੇ ਤੰਗ ਪਰੇਸ਼ਾਨ ਕਰਨ ਲਈ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਪ੍ਰਸ਼ਾਸਨ ਵੱਲੋਂ ਤੰਗ ਪਰੇਸ਼ਾਨ ਕਰਨ ਦੇ ਵਿਰੋਧ ਵਿੱਚ ਸਿੱਖਾਂ ਨੇ ਉੱਥੇ ਸੰਘਰਸ਼ ਦਾ ਰਾਹ ਚੁਣਦਿਆਂ ਭੁੱਖ ਹੜਤਾਲ ਸ਼ੁਰੂ ਕੀਤੀ, ਜਿਸ ਨਾਲ ਪੰਜਾਬ ਅੰਦਰ ਪਰਿਵਾਰਾਂ ਦੀ ਚਿੰਤਾਵਾਂ ਵੀ ਵਧੀਆਂ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਤੋਂ ਸਿੰਘਾਂ ਦੇ ਪਰਿਵਾਰਾਂ ਵੱਲੋਂ ਵੀ ਭੁੱਖ ਹੜਤਾਲ ਸ਼ੁਰੂ ਕੀਤੀ ਹੋਈ ਹੈ। ਐਡਵੋਕੇਟ ਧਾਮੀ ਨੇ ਪੰਜਾਬ ਸਰਕਾਰ ਨੂੰ ਕਿਹਾ ਕਿ ਇਨ੍ਹਾਂ ਸਿੱਖ ਨੌਜਵਾਨਾਂ ਦੇ ਪਰਿਵਾਰਾਂ ਦੀ ਗੱਲ ਤੁਰੰਤ ਸੁਣੀ ਜਾਵੇ ਅਤੇ ਇਸ ਮਸਲੇ ਨੂੰ ਹੱਲ ਕੀਤਾ ਜਾਵੇ। ਉਨ੍ਹਾਂ ਡਿਬਰੂਗੜ੍ਹ ਜੇਲ੍ਹ ਵਿੱਚ ਸਿੱਖ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੀ ਅਪੀਲ ਕੀਤੀ ਕਿ ਗੁਰਮਤਿ ਸਿਧਾਂਤ ਭੁੱਖ ਹੜਤਾਲ ਜਰੀਏ ਸ਼ਰੀਰ ਨੂੰ ਕਸ਼ਟ ਦੇਣ ਦੀ ਇਜ਼ਾਜਤ ਨਹੀਂ ਦਿੰਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਉਹ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਵਿਚਾਰ ਕਰਨਗੇ ਕਿ ਭੁੱਖ ਹੜਤਾਲ 'ਤੇ ਬੈਠੇ ਇਨ੍ਹਾਂ ਪਰਿਵਾਰਾਂ ਦੇ ਨਾਲ ਬੈਠ ਕੇ ਅਗਲੀ ਰਣਨੀਤੀ ਤੈਅ ਕੀਤੀ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਜ਼ਰਬੰਦ ਸਿੰਘਾਂ ਦੇ ਪਰਿਵਾਰਕ ਮੈਂਬਰ ਤੋਂ ਇਲਾਵਾ ਸ. ਜਸਬੀਰ ਸਿੰਘ ਘੁੰਮਣ, ਸ. ਜਸਕਰਨ ਸਿੰਘ ਕਾਹਨਸਿੰਘਵਾਲਾ ਆਦਿ ਮੌਜੂਦ ਸਨ।

## ਖਾਲਸਾ ਕਾਲਜ ਚੌਕ ਮਹਿਤਾ ਵਿਖੇ ਅੰਤਰ ਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ ਗਿਆ



ਚੌਂਕ ਮਹਿਤਾ, 24 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਦੇ ਦਮਦਮੀ ਟਕਸਾਲ ਦੇ 16 ਮੁੱਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਸਮਾਜ ਦੇ ਪ੍ਰਧਾਨ ਦੇ ਸੁਯੋਗ ਰਹਿਣੁਮਾਈ ਹੇਠ ਚੱਲ ਰਹੇ ਵਿਦਿਆਕ ਅਦਾਰੇ ਦੇ ਰੂਪ ਵਿੱਚ ਇਲਾਕੇ ਦੇ ਵਿਦਿਆਰਥੀਆ ਨੂੰ ਉਚੇਰੀ ਸਿੱਖਿਆ ਦੇ ਕੇ ਸਮੁੱਚੀ ਸਿਖਿਆ ਦਾ ਵਿਕਾਸ ਕਰ ਰਿਹਾ ਹੈ। ਕਾਲਜ ਦੇ ਸੱਭਿਆਚਾਰਕ ਅਤੇ ਵਿਦਿਅਕ ਮੰਚ ਵੱਲੋਂ ਅੰਤਰਰਾਸ਼ਟਰੀ ਪੰਜਾਬੀ ਮਾ ਬੋਲੀ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਨੇ ਭਾਸਨ ਕਵਿਤਾਵਾਂ ਤੇ ਪੰਜਾਬੀ ਮਾ ਬੋਲੀ ਨੂੰ ਸਮਰਪਿਤ ਗੀਤ ਪੇਸ ਕੀਤੇ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਸ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਅੰਤਰ ਰਾਸ਼ਟਰੀ ਪੰਜਾਬੀ ਮਾ ਬੋਲੀ ਦਿਵਸ ਦੀ ਮੁਕਾਰਬਾਦ ਦਿੰਦਿਆਂ ਹੋਇਆ ਮਾ ਬੋਲੀ ਪੰਜਾਬੀ ਨੂੰ ਗੁਰੂਆਂ ਸੰਤਾ ਦੀ ਭਾਸਾ ਦੱਸਿਆ। ਪੰਜਾਬੀ ਬੋਲੀ ਦਾ ਵਿਕਾਸ ਕਰਨ ਵਿੱਚ ਜਿੱਥੇ ਸਮੇਂ ਸਮੇਂ ਦੇ ਅਨੇਕਾਂ ਨਾਵਵਰ ਸਾਹਿਤਕਾਰਾ, ਪੀਰਾ, ਫਕੀਰਾਂ, ਸੂਫੀਆਂ, ਰਹਿਬਰਾ, ਗੀਤਕਾਰਾ, ਨੇ ਆਪੋ ਆਪਣੀ ਸਮੱਰਥਾ ਅਤੇ ਸਕਤੀ ਅਨੁਸਾਰ ਯੋਗਦਾਨ ਪਾਇਆ ਤੇ ਪੰਜਾਬੀ ਮਾ ਬੋਲੀ ਦੀ ਰੱਜਵੀਂ ਸੇਵਾ ਕੀਤੀ। ਜਿਸ ਦੀ ਬਦੌਲਤ ਪੰਜਾਬੀ ਮਾ ਬੋਲੀ ਦੁਨੀਆਂ ਦੇ ਕੋਨੇ ਕੋਨੇ ਫੈਲ ਚੁੱਕੀ ਹੈ। ਪਰ ਜੋ ਸਤਿਕਾਰ ਪੰਜਾਬੀ ਮਾ ਬੋਲੀ ਨੂੰ ਆਪਣੇ ਘਰ ਵਿੱਚੋਂ ਮਿਲਣਾ ਚਾਹੀਦਾ ਸੀ ਉਹ ਦਿਨੋ ਦਿਨ ਘੱਟ ਰਿਹਾ ਹੈ। ਕਿਉਂਕਿ ਅੱਜ ਦੇ ਸਮੇਂ ਵਿੱਚ ਪੰਜਾਬੀ ਮਾ ਬੋਲੀ ਨੂੰ ਆਪਣੀ ਹੀ ਪੜੀ ਲਿੱਖੀ ਕੌਮ ਤੋਂ ਖਤਰਾ ਹੁੰਦਾ ਜਾ ਰਿਹਾ ਹੈ। ਹੋਰ ਭਾਸਾਵਾਂ ਸਿੱਖਣਾ ਮਾੜੀ ਗੱਲ ਨਹੀਂ ਪਰ ਆਪਣੀ ਪੰਜਾਬੀ ਮਾ ਬੋਲੀ ਨੂੰ ਵਿਸਾਰ ਦੇਣਾ ਜਰੂਰ ਗਲਤ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਗੱਲ ਲਈ ਪੇਰਿਤ ਕੀਤਾ ਕਿ ਅਸੀਂ ਸਾਰੇ ਪੰਜਾਬੀ ਮਾ ਬੋਲੀ ਨਾਲ ਪਿਆਰ ਕਰੀਏ ਤੇ ਇਸ ਦੇ ਵਿਕਾਸ ਲਈ ਬਣਦਾ ਯੋਗਦਾਨ ਪਾ ਕੇ ਪੰਜਾਬੀ ਮਾ ਬੋਲੀ ਦਾ ਕਰਜਾ ਉਤਾਰੀਐ। ਇਸ ਦੌਰਾਨ ਸਿੱਖ ਪੰਥ ਦੇ ਮਹਾਨ ਵਿਦਵਾਨ ਅਤੇ ਦਮਦਮੀ ਟਕਸਾਲ ਦੇ ਹਜੂਰੀ ਕਥਾਵਾਚਕ ਗਿਆਨੀ ਸਾਹਿਬ ਸਿੰਘ, ਕਾਲਜ ਦੇ ਪ੍ਰਿੰਸੀਪਲ ਸ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਸਕੂਲ ਦੇ ਪ੍ਰਿੰਸੀਪਲ ਮੈਡਮ ਸੁਖਜੀਤ ਕੌਰ, ਪਰਵੀਨ ਕੌਰ, ਕੁਲਦੀਪ ਕੌਰ, ਹਰਜੀਤ ਕੌਰ, ਤੋ ਇਲਾਵਾ ਪ੍ਰੋਫੈਸਰ ਸਹਿਬਾਨ ਅਤੇ ਕਾਬਲ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਪੰਜਾਬੀ ਮਾ ਬੋਲੀ ਦਿਵਸ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ।

## ਪਿੰਡ ਡੇਅਰੀਵਾਲ ਵਿੱਚ ਪਹਿਲਾਂ ਗੋਲਡ ਕਬੱਡੀ ਕੱਪ ਅੱਜ



ਚੌਕ ਮਹਿਤਾ, 24 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ) ਧੰਨ ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸਪੋਰਟਸ ਕਲੱਬ ਡੇਅਰੀਵਾਲ ਜਿਲਾ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਐਨ, ਆਰ, ਆਈ, ਅਤੇ ਸਮੂਹ ਨਗਰ ਨਿਵਾਸੀ ਦੇ ਸਹਿਯੋਗ ਦੇ ਨਾਲ ਪਹਿਲਾਂ ਗੋਲਡ ਕਬੱਡੀ ਕੱਪ ਅੱਜ 24 ਫਰਵਰੀ ਦਿਨ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਪਹਿਲਾਂ ਇਨਾਮ 1 ਲੱਖ ਰੁਪਏ ਅਤੇ ਦੂਜਾ ਇਨਾਮ 71 ਹਜ਼ਾਰ ਰੁਪਏ ਦਿੱਤਾ ਜਾਵੇਗਾ। ਬੈਸਟ ਜਾਫੀਆਂ ਨੂੰ 2 ਮੋਟਰ ਸਾਇਕਲ ਦਿੱਤੇ ਜਾਣਗੇ। ਜਿਸ ਵਿੱਚ ਬਜ਼ੁਰਗਾਂ ਦੇ ਸੋ ਮੈਚ, ਲੜਕੀਆ ਦੇ ਸੋ ਮੈਚ, ਬੱਚਿਆਂ ਵਾਲੀ ਐਕਸਨ ਦੇ ਮੈਚ ਹੋਣਗੇ। ਪੱਤਰਕਾਰਾ ਨਾਲ ਗੱਲ ਬਾਤ ਕਰਦਿਆਂ ਸੰਦੀਪ ਸਿੰਘ ਔਜਲਾ, ਸ, ਗੁਰਮੁੱਖ ਸਿੰਘ ਔਜਲਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਕੈਬਨਿਟ ਮੰਤਰੀ ਸ, ਲਾਲਜੀਤ ਸਿੰਘ ਭੁੱਲਰ, ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ, ਉ ਜੇਤੂ ਖਿਡਾਰੀਆ ਇਨਾਮਾ ਦੀ ਵੰਡ ਕਰਨਗੇ। ਪਹੁੰਚ ਰਹੀਆਂ ਇੰਟਰਨੈਸ਼ਨਲ ਕਲੱਬਾ ਬਾਬਾ ਨਾਮਦੇਵ ਜੀ ਘੁਮਾਣ ਕਲੱਬ, ਹਰਜੀਤ ਬਾਜਾਖਾਨਾ ਲੋਟੂ ਕਲੱਬ, ਡੀ, ਏ, ਵੀ, ਕੈਲੀਫੋਰਨੀਆ ਕਲੱਬ, ਸ਼ਹੀਦ ਬਾਬਾ ਦੀਪ ਸਿੰਘ ਜੀ ਤੋਤਾ ਸਿੰਘ ਵਾਲਾ ਕਲੱਬ, ਕਬੱਡੀ ਦਾ ਜੋਹਰ ਦਿਖਉਣਗੀਆ। ਗੁਰੂ ਦਾ ਲੰਗਰ ਅਟੁੱਟ ਵਰਤੇਗਾ। ਸਮੂਹ ਇਲਾਕਾ ਨਿਵਾਸੀਆਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਕੇ ਧੰਨ ਧੰਨ ਸਾਹਿਬ -ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੀਆਂ ਖੁਸੀਆਂ ਪ੍ਰਾਪਤ ਕਰਨ।

## ਸੱਤਿਆ ਐਲਿਮੈਂਟਰੀ ਸਕੂਲ ਚੰਨਣਕੇ ਵਿੱਚ ਮੈਡੀਕਲ ਕੈਂਪ ਲਗਾਇਆ



ਚੌਕ ਮਹਿਤਾ, 24 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸੱਤਿਆ ਐਲਿਮੈਂਟਰੀ ਸਕੂਲ ਚੰਨਣਕੇ ਵਿੱਚ ਬੱਚਿਆਂ ਨੂੰ ਚੈਕਅੱਪ ਕਰਨ ਲਈ ਇੱਕ ਵਿਸੇਸ ਕੈਂਪ ਸਕੂਲ ਦੀ ਮੈਂਜਮੈਂਟ ਅਤੇ ਮੁੱਖ ਅਧਿਆਪਕਾਂ ਸ੍ਰੀ ਮਤੀ ਮੈਡਮ ਨਵਨੀਤ ਕੌਰ ਦੀ ਅਗਵਾਈ ਹੇਠ ਕੈਂਪ ਲਗਾਇਆ। ਸੰਤ ਗਿਆਨੀ ਗੁਰਬਚਨ ਸਿੰਘ ਦੀ ਖਾਲਸਾ ਚੈਰੀਟੇਬਲ ਹਸਪਤਾਲ ਚੌਕ ਮਹਿਤਾ ਦੇ ਸੀਨੀਅਰ ਡਾ, ਗੁਰਪ੍ਰਤਾਪ ਸਿੰਘ ਮੈਡੀਕਲ ਅਫ਼ਸਰ ਦੀ ਯੋਗ ਅਗਵਾਈ ਹੇਠ ਡਾਕਟਰਾ ਦੀ ਟੀਮ ਨੇ ਬੱਚਿਆਂ ਦਾ ਚੈਕਅੱਪ ਕੀਤਾ ਗਿਆ। ਚੈਕਅੱਪ ਦੌਰਾਨ ਬੱਚਿਆਂ ਵਿੱਚ ਐਰਨ ਦੀ ਕਮੀ ਹੋਣ ਕਾਰਣ ਬੱਚਿਆਂ ਨੂੰ ਚੰਗਾ ਪੋਸਿਟਕ ਭੋਜਨ ਅਤੇ ਖਾਸ ਕਰਕੇ ਸਾਫ ਸਫਾਈ ਦਾ ਧਿਆਨ ਰੱਖਣ ਲਈ ਦੱਸਿਆ ਗਿਆ। ਵਾਰ ਵਾਰ ਸਾਬਣ ਨਾਲ ਹੱਥ ਧੌਣ ਲਈ ਪੇਰਿਤ ਕੀਤਾ ਗਿਆ। ਇਸ ਦੌਰਾਨ ਮੈਡੀਕਲ ਅਫ਼ਸਰ ਡਾ, ਗੁਰਪ੍ਰਤਾਪ ਸਿੰਘ ਤੋਂ ਇਲਾਵਾ ਡਾ, ਸੁਮਨਦੀਪ ਕੌਰ ਮੈਡੀਕਲ ਅਫ਼ਸਰ, ਸੁਖਵਿੰਦਰ ਕੌਰ ਸਟਾਫ ਨਰਸ, ਮਨਜੀਤ ਕੌਰ ਸਟਾਫ ਨਰਸ, ਦਲਜੀਤ ਕੌਰ ਸਟਾਫ ਨਰਸ, ਹਰਜੋਤ ਕੌਰ ਸਟਾਫ ਨਰਸ, ਅਤੇ ਸਕੂਲ ਦੇ ਮੁੱਖ ਅਧਿਆਪਕ ਮੈਡਮ ਨਵਨੀਤ ਕੌਰ, ਸੰਦੀਪ ਕੌਰ, ਗੁਰਮੀਤ ਕੌਰ, ਲਵਦੀਪ ਕੌਰ, ਕਰਮਜੀਤ ਕੌਰ, ਜਸਪ੍ਰੀਤ ਕੌਰ, ਮਨਦੀਪ ਕੌਰ, ਪਵਨਦੀਪ ਕੌਰ, ਸਪਨੱਤ ਕੌਰ, ਸਹਿਜਦੀਪ ਕੌਰ, ਜੈਸਮੀਤ ਕੌਰ, ਖੇਤੀ ਬਾੜੀ ਅਫ਼ਸਰ ਸ, ਸਤਿਕਾਰਤਾਰ ਆਹੂਲਵਾਲੀਆ ਹਾਜ਼ਰ ਸਨ।